SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 170 | Monday, September 11, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਵੀ ਪੜ੍ਹ ਸਕਦੇ ਹੋ

## ਅਗਸਤ ਵਿੱਚ ਬੇਰੋਜ਼ਗਾਰੀ ਦਰ 5.5 ਫੀ ਸਦੀ ਉੱਤੇ ਹੀ ਸਥਿਰ ਰਹੀ : ਸਟੈਟ ਕੈਨ



ਓਟਵਾ, 10 ਸਤੰਬਰ (ਪੋਸਟ ਬਿਊਰੋ) : ਪਿਛਲੇ ਮਹੀਨੇ ਕੈਨੇਡਾ ਦੀ ਲੇਬਰ ਮਾਰਕਿਟ ਨੇ 40,000 ਰੋਜ਼ਗਾਰ ਦੇ ਮੌਕੇ ਪੈਦਾ ਕੀਤੇ। ਇਸ ਨਾਲ ਬੇਰੋਜ਼ਗਾਰੀ ਦਰ ਸਥਿਰ ਰਹੀ।

ਸ਼ੁੱਕਰਵਾਰ ਨੂੰ ਸਟੈਟੇਸਟਿਕਸ ਕੈਨੇਡਾ ਵੱਲੋਂ ਦਿੱਤੀ ਗਈ ਰਿਪੋਰਟ ਅਨੁਸਾਰ ਅਗਸਤ ਵਿੱਚ ਬੇਰੋਜ਼ਗਾਰੀ ਦਰ 5.5 ਫੀ ਸਦੀ ਉੱਤੇ ਰਹੀ। ਇਸ ਨਾਲ ਪਿਛਲੇ ਤਿੰਨ ਮਹੀਨਿਆਂ ਤੋਂ ਬੇਰੋਜ਼ਗਾਰੀ ਵਿੱਚ ਹੋ ਰਹੇ ਲਗਾਤਾਰ ਵਾਧੇ ਨੂੰ ਰੋਕ ਲੱਗੀ ਹੈ। ਫੈਡਰਲ ਏਜੰਸੀ ਨੇ ਆਖਿਆ ਕਿ ਕੈਨੇਡਾ ਦੀ ਮਜ਼ਬੂਤ ਆਬਾਦੀ ਦੇ ਵਿਕਾਸ ਤੋਂ ਭਾਵ ਹੇ ਕਿ ਮਹੀਨਾਵਾਰੀ ਰੋਜ਼ਗਾਰ ਦੇ ਹੋਣ ਵਾਲੇ ਵਾਧੇ ਦਾ ਬੇਰੋਜ਼ਗਾਰੀ ਦਰ ਨੂੰ ਸਥਿਰ ਰੱਖਣ ਲਈ ਹੋਣਾ ਜ਼ਰੂਰੀ ਹੈ। ਇਸ ਸਰਵੇਖਣ ਤੋਂ ਸਾਹਮਣੇ ਆਇਆ ਕਿ ਕੈਨੇਡਾ ਦੀ ਆਬਾਦੀ ਇਸ ਸਾਲ ਹਰ ਮਹੀਨੇ 81,000 ਲੋਕਾਂ ਦੇ ਹਿਸਾਬ ਨਾਲ ਵੱਧ ਰਹੀ ਹੈ। ਇਸ ਹਿਸਾਬ ਨਾਲ ਹਰ ਮਹੀਨੇ 50,000 ਨੌਕਰੀਆਂ ਚਾਹੀਦੀਆਂ ਹਨ ਤਾਂ ਕਿ ਬੇਰੋਜ਼ਗਾਰੀ ਦਰ ਨੂੰ ਸਥਿਰ ਰੱਖਿਆ ਜਾ ਸਕੇ। ਪ੍ਰੋਫੈਸ਼ਨਲ, ਸਾਇੰਟਿਫਿਕ ਤੇ ਟੈਕਨੀਕਲ ਸੇਵਾਵਾਂ ਦੇ ਨਾਲ ਨਾਲ ਕੰਸਟ੍ਰਕਸ਼ਨ ਵਿੱਚ ਵੀ ਰੋਜ਼ਗਾਰ ਦੇ ਮੌਕੇ ਪੈਦਾ ਹੋਏ ਹਨ।

## ਸੂਡਾਨ ਦੀ ਫੌਜ ਅਤੇ ਅਰਧ ਸੈਨਿਕ ਬਲਾਂ ਵਿਚਾਲੇ ਫਿਰ ਸ਼ੁਰੂ ਹੋਇਆ ਖੂਨੀ ਸੰਘਰਸ਼, ਡਰੋਨ ਹਮਲੇ 'ਚ 30 ਲੋਕਾਂ ਦੀ ਮੌਤ



ਖਾਰਤੂਮ, 10 ਸਤੰਬਰ (ਪੋਸਟ ਬਿਊਰੋ): ਸੂਡਾਨ ਵਿੱਚ ਤਖ਼ਤਾ ਪਲਟ ਤੋਂ ਬਾਅਦ ਵੀ ਖ਼ੂਨੀ ਸੰਘਰਸ਼ ਰੁਕਿਆ ਨਹੀਂ ਹੈ। ਸੂਡਾਨ ਦੀ ਫੌਜ ਅਤੇ ਅਰਧ ਸੈਨਿਕ ਬਲਾਂ ਵਿਚਾਲੇ ਅਜੇ ਵੀ ਖ਼ੂਨੀ ਸੰਘਰਸ਼ ਚੱਲ ਰਿਹਾ ਹੈ। ਦੇਸ਼ 'ਤੇ ਕੰਟਰੋਲ ਲਈ ਸੂਡਾਨ ਦੀ ਫੌਜ ਅਤੇ ਅਰਧ ਸੈਨਿਕ ਬਲਾਂ ਵਿਚਾਲੇ ਲਗਾਤਾਰ ਸੰਘਰਸ਼ ਚੱਲ ਰਿਹਾ ਹੈ। ਇਸ ਦੌਰਾਨ ਰਾਜਧਾਨੀ ਖਾਰਤੂਮ ਦੇ ਦੱਖਣੀ ਹਿੱਸੇ 'ਚ ਐਤਵਾਰ ਨੂੰ ਇਕ ਬਾਜ਼ਾਰ 'ਤੇ ਡਰੋਨ ਹਮਲੇ 'ਚ ਘੱਟੋ-ਘੱਟ 30 ਲੋਕ ਮਾਰੇ ਗਏ। ਵਰਕਰਾਂ ਅਤੇ ਮੈਡੀਕਲ ਕਰਮਚਾਰੀਆਂ ਨੇ ਇਹ ਜਾਣਕਾਰੀ ਦਿੱਤੀ। ਬਸ਼ੀਰ ਯੂਨੀਵਰਸਿਟੀ ਹਸਪਤਾਲ ਵਿੱਚ ਕੰਮ ਕਰ ਰਹੇ ਇੱਕ ਕਾਰਕੁਨ ਸਮੂਹ ਅਤੇ ਦੋ ਸਿਹਤ ਕਰਮਚਾਰੀਆਂ ਦੇ ਅਨੁਸਾਰ ਖਾਰਤੂਮ ਦੇ 'ਮੀ' ਇਲਾਕੇ ਵਿੱਚ ਹੋਏ ਹਮਲੇ ਵਿੱਚ ਘੱਟੋ-ਘੱਟ ਤਿੰਨ ਦਰਜਨ ਲੋਕ ਜ਼ਖਮੀ ਹੋਏ ਹਨ।

ਕਾਰਕੁਨ ਸਮੂਹ ਦੁਆਰਾ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ ਗਈ ਫੁਟੇਜ ਵਿੱਚ, ਲਾਸ਼ਾਂ ਨੂੰ ਹਸਪਤਾਲ ਦੇ ਖੁੱਲ੍ਹੇ ਵਿਹੜੇ ਵਿੱਚ ਚਿੱਟੀ ਚਾਦਰ ਵਿੱਚ ਲਪੇਟਿਆ ਦੇਖਿਆ ਜਾ ਸਕਦਾ ਹੈ। ਹਾਲਾਂਕਿ, ਇਹ ਤੁਰੰਤ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਐਤਵਾਰ ਦੇ ਹਮਲੇ ਪਿੱਛੇ ਕਿਸ ਪਾਰਟੀ ਦਾ ਹੱਥ ਸੀ। ਸੁਡਾਨ ਵਿੱਚ ਮੱਧ ਅਪ੍ਰੈਲ ਤੋਂ ਹਿੰਸਾ ਜਾਰੀ ਹੈ।

## ਮੋਰੋਕੋ ਵਿਚ ਭੂਚਾਲ ਤੋਂ ਸਹਿਮੇ ਲੋਕ ਸੜਕਾਂ 'ਤੇ ਸੌਂ ਰਹੇ, 2000 ਤੋਂ ਵੱਧ ਨੇ ਗੁਆਈ ਆਪਣੀ ਜਾਨ



ਰਬਾਤ, 10 ਸਤੰਬਰ (ਪੋਸਟ ਬਿਊਰੋ): ਮੋਰੋਕੋ ਵਿੱਚ ਸ਼ੁੱਕਰਵਾਰ ਦੇਰ ਰਾਤ ਆਏ ਭੂਚਾਲ ਵਿੱਚ ਮਰਨ ਵਾਲਿਆਂ ਦੀ ਗਿਣਤੀ 2000 ਨੂੰ ਪਾਰ ਕਰ ਗਈ ਹੈ। ਭੂਚਾਲ ਕਾਰਨ ਮੋਰੋਕੋ ਵਿੱਚ ਭਾਰੀ ਨੁਕਸਾਨ ਹੋਇਆ ਹੈ,ਜਿਸ ਤੋਂ ਉਭਰਨ ਵਿਚ ਮੋਰੋਕੋ ਨੂੰ ਲੰਬਾ ਸਮਾਂ ਲੱਗੇਗਾ। ਅਮਰੀਕੀ ਭੂ-ਵਿਗਿਆਨ ਸਰਵੇਖਣ ਦੀ ਰਿਪੋਰਟ ਮੁਤਾਬਕ ਮੋਰੋਕੋ 'ਚ 6.8 ਤੀਬਰਤਾ ਦਾ ਭੂਚਾਲ ਆਇਆ। ਇਸ ਭੂਚਾਲ ਦਾ ਕੇਂਦਰ ਮਾਰਾਕੇਸ਼ ਤੋਂ 72 ਕਿਲੋਮੀਟਰ ਦੱਖਣ-ਪੱਛਮ ਵਿੱਚ ਸੀ। ਮੋਰੋਕੋ ਸਰਕਾਰ ਨੇ ਕਿਹਾ ਕਿ ਭੂਚਾਲ 'ਚ ਹੁਣ ਤੱਕ 2012 ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ 2059 ਲੋਕ ਜ਼ਖਮੀ ਹਨ। ਇਨ੍ਹਾਂ ਵਿੱਚੋਂ 1404 ਲੋਕਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਅਜਿਹੇ 'ਚ ਮੰਨਿਆ ਜਾ ਰਿਹਾ ਹੈ ਕਿ ਮਰਨ ਵਾਲਿਆਂ ਦੀ ਗਿਣਤੀ ਹੋਰ ਵਧ ਸਕਦੀ ਹੈ।

ਲੋਕਾਂ ਨੇ ਦੱਸਿਆ ਕਿ ਮੋਰੋਕੋ ਦੇ ਸ਼ਹਿਰ ਕੈਸਾਬਲਾਂਕਾ ਅਤੇ ਰਬਾਤ ਵਿੱਚ ਵੀ ਭੂਚਾਲ ਦੇ ਤੇਜ਼ ਝਟਕੇ ਮਹਿਸੂਸ ਕੀਤੇ ਗਏ। ਭੂਚਾਲ ਦਾ ਕੇਂਦਰ ਟਾਰੋਡੈਂਟ ਰਾਜ ਦੇ ਅਲ ਹੌਜ਼ ਵਿੱਚ ਸੀ ਅਤੇ ਇੱਥੇ ਸਭ ਤੋਂ ਵੱਧ ਲੋਕਾਂ ਦੀ ਜਾਨ ਚਲੀ ਗਈ। ਇਸ ਤੋਂ ਇਲਾਵਾ ਕੁਆਰਾਜ਼ੇਟ, ਚਿਚੌਆ, ਅਜਿਲਾਲ ਅਤੇ ਯੂਸਫੀਆ ਸੂਬਿਆਂ ਦੇ ਨਾਲ-ਨਾਲ ਮਾਰਾਕੇਸ਼ ਅਤੇ ਅਗਾਦਿਰ 'ਚ ਵੀ ਲੋਕਾਂ ਦੀ ਜਾਨ ਚਲੀ ਗਈ ਹੈ। ਇਕ ਵਿਅਕਤੀ ਨੇ ਕਿਹਾ ਕਿ ਲੋਕ ਅਜੇ ਵੀ ਡਰੇ ਹੋਏ ਹਨ ਅਤੇ ਸੜਕਾਂ 'ਤੇ ਸੌਂ ਰਹੇ ਹਨ। ਸੋਸ਼ਲ ਮੀਡੀਆ 'ਤੇ ਕਈ ਫੁਟੇਜ ਵੀ ਵਾਇਰਲ ਹੋ ਰਹੇ ਹਨ, ਜਿਸ 'ਚ ਲੋਕ ਇਧਰ-ਉਧਰ ਭੱਜਦੇ ਨਜ਼ਰ ਆ ਰਹੇ ਹਨ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI 416.994.7272
www.allkindinsurance.com

MagGas Medical Brampton
MGM MAGGAS MEDICAL INC.
Helping you breathe deep and rest easy.
- CPAP machines, masks and supplies
- Free consultations
- 30 day mask exchange
- Free deliveries
(647) 954-9885
20 Maritime Ont Blvd Unit 15
Brampton, ON L6S 0C2

INSURANCE
- Home
- Business
- Life Insurance
- Auto
- Trucking
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

OURR HOME & APPLIANCES
UNBEATABLE DEALS FOR THE WEEK
AT OURR HOME APPLIANCES!
REGULAR PACKAGE $3599
SWITCH TO ELECTRIC STOVE IN $0
JENNAIR CAFÉ KitchenAid Electrolux LG FRIGIDAIRE elica BOSCH Whirlpool GE MAYTAG AMANA SAMSUNG Hisense Danby
416-551-5553 | www.ourrhomeappliances.com

Allstate. You're in good hands.
Home + Auto Insurance
Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axel InsuranceBrokers Ltd. 1332 Khalsa Dr, Unit # 11, Mississauga, ON L5S 0A2

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਜਈ ਅਤੇ ਕਰਜੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫ਼ਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਬਿਹਾਰ 'ਚ ਭਾਜਪਾ ਵਿਧਾਇਕ ਦਾ ਦਿਉਰ ਦੇਸੀ ਸ਼ਰਾਬ ਦੀਆਂ ਪੇਟੀਆਂ ਸਮੇਤ ਗ੍ਰਿਫਤਾਰ



ਗੋਪਾਲਗੰਜ, 10 ਸਤੰਬਰ (ਪੋਸਟ ਬਿਊਰੋ): ਬਿਹਾਰ ਦੇ ਗੋਪਾਲਗੰਜ 'ਚ ਆਬਕਾਰੀ ਵਿਭਾਗ ਨੇ ਸ਼ਰਾਬ ਤਸਕਰੀ ਦੇ ਦੋਸ਼ 'ਚ ਭਾਜਪਾ ਸਦਰ ਦੀ ਵਿਧਾਇਕਾ ਕੁਸੁਮ ਦੇਵੀ ਦੇ ਦਿਉਰ ਅਸ਼ੋਕ ਸਿੰਘ ਸਮੇਤ ਦੋ ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਇਹ ਕਾਰਵਾਈ ਆਬਕਾਰੀ ਵਿਭਾਗ ਦੀ ਟੀਮ ਨੇ ਨਗਰ ਥਾਣਾ ਦੇ ਪਿੰਡ ਕਰਰੀਆ ਤੋਂ ਕੀਤੀ ਹੈ। ਉਤਪਾਦ ਸੁਪਰਡੈਂਟ ਰਾਕੇਸ਼ ਕੁਮਾਰ ਨੇ ਦੱਸਿਆ ਕਿ ਸਾਨੂੰ ਗੁਪਤ ਸੂਚਨਾ ਮਿਲੀ ਸੀ ਕਿ ਕ੍ਰੇਟਾ ਕਾਰ 'ਚ ਦੇਸੀ ਸ਼ਰਾਬ ਦੀ ਤਸਕਰੀ ਕੀਤੀ ਜਾ ਰਹੀ ਹੈ। ਇਸ ਸੂਚਨਾ ਦੇ ਆਧਾਰ 'ਤੇ ਜਦੋਂ ਯਾਦੋਪੁਰ ਤੋਂ ਗੋਪਾਲਗੰਜ ਵੱਲ ਆ ਰਹੀ ਕ੍ਰੇਟਾ ਕਾਰ ਦੀ ਚੈਕਿੰਗ ਕੀਤੀ ਗਈ ਤਾਂ ਕਾਰ 'ਚ ਕੁਝ ਵੀ ਨਹੀਂ ਮਿਲਿਆ। ਪਰ ਸ਼ੱਕ ਪੈਣ 'ਤੇ ਜਦੋਂ ਕ੍ਰੇਟਾ ਕਾਰ ਦਾ ਬੋਨਟ ਖੋਲ੍ਹਿਆ ਗਿਆ ਤਾਂ ਉਸ ਵਿੱਚ ਦੇਸੀ ਸ਼ਰਾਬ ਦੀਆਂ ਚਾਰ ਪੇਟੀਆਂ ਲੁਕਾਈਆਂ ਹੋਈਆਂ ਸਨ।

ਇਸ ਮਾਮਲੇ ਸਬੰਧੀ ਐਕਸਾਈਜ਼ ਸੁਪਰਡੈਂਟ ਰਾਕੇਸ਼ ਕੁਮਾਰ ਨੇ ਦੱਸਿਆ ਕਿ ਅਸ਼ੋਕ ਸਿੰਘ ਵਾਸੀ ਖਵਾਜੇਪੁਰ ਅਤੇ ਇਸੇ ਪਿੰਡ ਦੇ ਰਹਿਣ ਵਾਲੇ ਹਰੀਕੇਸ਼ ਸ਼ਾਹ ਨੂੰ ਸ਼ਰਾਬ ਤਸਕਰੀ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਗਿਆ ਹੈ। ਅਧਿਕਾਰੀ ਨੇ ਦੱਸਿਆ ਕਿ ਜ਼ਬਤ ਕੀਤੀ ਗਈ ਸ਼ਰਾਬ ਉੱਤਰ ਪ੍ਰਦੇਸ਼ ਵਿੱਚ ਬਣਾਈ ਗਈ ਸੀ ਅਤੇ ਕ੍ਰੇਟਾ ਕਾਰ ਵਿੱਚ ਤਸਕਰੀ ਕੀਤੀ ਜਾ ਰਹੀ ਸੀ। ਜਿਵੇਂ ਹੀ ਗੋਪਾਲਗੰਜ 'ਚ ਸ਼ਰਾਬ ਤਸਕਰੀ ਦੇ ਦੋਸ਼ 'ਚ ਗ੍ਰਿਫਤਾਰ ਕੀਤੇ ਗਏ ਅਸ਼ੋਕ ਸਿੰਘ ਦਾ ਨਾਂ ਸਾਹਮਣੇ ਆਇਆ ਤਾਂ ਗੋਪਾਲਗੰਜ ਦੀ ਰਾਜਨੀਤੀ 'ਚ ਹਲਚਲ ਮਚ ਗਈ। ਦਰਅਸਲ, ਗੋਪਾਲਗੰਜ ਦੇ ਖਵਾਜੇਪੁਰ ਦਾ ਰਹਿਣ ਵਾਲਾ ਅਸ਼ੋਕ ਸਿੰਘ ਮਰਹੂਮ ਭਾਜਪਾ ਵਿਧਾਇਕ ਅਤੇ ਸਾਬਕਾ ਮੰਤਰੀ ਸੁਭਾਸ਼ ਸਿੰਘ ਦਾ ਛੋਟਾ ਭਰਾ ਹੈ। ਇਸ ਸਮੇਂ ਸੁਭਾਸ਼ ਸਿੰਘ ਦੀ ਪਤਨੀ ਕੁਸੁਮ ਦੇਵੀ ਗੋਪਾਲਗੰਜ ਦੀ ਸਦਰ ਵਿਧਾਇਕ ਹੈ। ਅਸ਼ੋਕ ਸਿੰਘ ਦੀ ਗ੍ਰਿਫ਼ਤਾਰੀ ਤੋਂ ਬਾਅਦ ਲੋਕਾਂ ਵਿੱਚ ਕਈ ਤਰ੍ਹਾਂ ਦੀਆਂ ਚਰਚਾਵਾਂ ਹੋਣ ਲੱਗੀਆਂ ਹਨ।

# ਠਾਣੇ ਵਿੱਚ ਨਿਰਮਾਣ ਅਧੀਨ ਇਮਾਰਤ ਦੀ ਲਿਫਟ ਡਿੱਗਣ ਨਾਲ 6 ਮਜ਼ਦੂਰਾਂ ਦੀ ਮੌਤ



ਠਾਣੇ, 10 ਸਤੰਬਰ (ਪੋਸਟ ਬਿਊਰੋ): ਮੁੰਬਈ ਨੇੜੇ ਠਾਣੇ ਦੇ ਬਾਲਕੁਮ ਇਲਾਕੇ 'ਚ ਐਤਵਾਰ ਸ਼ਾਮ ਨੂੰ 40 ਮੰਜ਼ਲਾ ਨਿਰਮਾਣ ਅਧੀਨ ਇਮਾਰਤ ਦੀ ਲਿਫਟ ਡਿੱਗਣ ਨਾਲ 6 ਮਜ਼ਦੂਰਾਂ ਦੀ ਮੌਤ ਹੋ ਗਈ ਅਤੇ ਇਕ ਹੋਰ ਜ਼ਖਮੀ ਹੋ ਗਿਆ। ਠਾਣੇ ਨਗਰ ਨਿਗਮ ਦੇ ਆਫ਼ਤ ਪ੍ਰਬੰਧਨ ਸੈੱਲ ਦੇ ਮੁਖੀ ਯਾਸੀਨ ਤੜਵੀ ਨੇ ਕਿਹਾ ਕਿ ਇਹ ਇੱਕ ਨਿਰਮਾਣ ਲਿਫਟ ਸੀ, ਜੋ 40ਵੀਂ ਮੰਜ਼ਲ ਨਾਲ ਟਕਰਾ ਕੇ ਪਾਰਕਿੰਗ ਖੇਤਰ ਵਿੱਚ ਹੇਠਾਂ ਆ ਗਈ। ਇਹ ਇਮਾਰਤ ਘੋੜਬੰਦਰ ਰੋਡ 'ਤੇ ਸਥਿਤ ਹੈ।

ਉਨ੍ਹਾਂ ਦੱਸਿਆ ਕਿ ਲਿਫਟ ਦੀ ਇੱਕ ਸੁਪੋਰਟਿੰਗ ਕੇਬਲ ਟੁੱਟ ਗਈ, ਜਿਸ ਕਾਰਨ ਇਹ ਘਟਨਾ ਸ਼ਾਮ 5.30 ਵਜੇ ਦੇ ਕਰੀਬ ਵਾਪਰੀ। ਸੂਚਨਾ ਮਿਲਣ ਤੋਂ ਬਾਅਦ ਖੇਤਰੀ ਆਫ਼ਤ ਪ੍ਰਬੰਧਨ ਸੈੱਲ ਅਤੇ ਫਾਇਰ ਬ੍ਰਿਗੇਡ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਮਜ਼ਦੂਰਾਂ ਨੂੰ ਬੇਸਮੈਂਟ ਪਾਰਕਿੰਗ 'ਚੋਂ ਬਾਹਰ ਕੱਢਿਆ।

## ਔਰਤ ਨਾਲ ਸਮੂਹਿਕ ਬਲਾਤਕਾਰ ਕਰਨ ਤੋਂ ਬਾਅਦ ਉਸ ਦੇ ਕੱਪੜੇ ਲੈ ਗਏ ਨਾਲ, ਲੋਕਾਂ ਨੇ ਔਰਤ ਨੂੰ ਸਮਝਿਆ ਪਾਗਲ



ਗੰਗਾਪੁਰ, 10 ਸਤੰਬਰ (ਪੋਸਟ ਬਿਊਰੋ): ਰਾਜਸਥਾਨ ਦੇ ਭੀਲਵਾੜਾ ਜ਼ਿਲ੍ਹੇ ਦੇ ਗੰਗਾਪੁਰ ਥਾਣਾ ਖੇਤਰ ਵਿੱਚ ਜ਼ੁਲਮ ਦੀ ਹੱਦ ਪਾਰ ਕਰਨ ਦੀ ਘਟਨਾ ਸਾਹਮਣੇ ਆਈ ਹੈ। ਦਰਅਸਲ, ਇੱਕ ਔਰਤ ਰਾਤ ਦਾ ਖਾਣਾ ਖਾਣ ਤੋਂ ਬਾਅਦ ਸੈਰ ਕਰਨ ਗਈ ਸੀ। ਇਸ ਦੌਰਾਨ ਉਸ ਨਾਲ ਗੈਂਗਰੇਪ ਵਰਗਾ ਘਿਨੌਣਾ ਅਪਰਾਧ ਹੋਇਆ। ਮੁਲਜ਼ਮ ਔਰਤ ਦਾ ਸਰੀਰ ਨੋਚਣ ਦੇ ਨਾਲ-ਨਾਲ ਉਸ ਦੇ ਕੱਪੜੇ ਵੀ ਲੈ ਗਏ। ਜਦੋਂ ਨੰਗੀ ਔਰਤ ਸੜਕ 'ਤੇ ਲੋਕਾਂ ਤੋਂ ਮਦਦ ਮੰਗਣ ਲੱਗੀ ਤਾਂ ਲੋਕਾਂ ਨੇ ਉਸ ਨੂੰ ਪਾਗਲ ਸਮਝਿਆ। ਗੰਗਾਪੁਰ ਕਸਬੇ 'ਚ ਵਾਪਰੀ ਇਸ ਘਟਨਾ ਦੇ ਵਿਰੋਧ 'ਚ ਸ਼ਨੀਵਾਰ ਦੇਰ ਰਾਤ ਵੱਡੀ ਗਿਣਤੀ 'ਚ ਲੋਕ ਗੰਗਾਪੁਰ ਦੇ ਉਪ ਪੁਲਸ ਕਪਤਾਨ ਦੇ ਦਫਤਰ ਦੇ ਬਾਹਰ ਇਕੱਠੇ ਹੋਏ ਅਤੇ ਇਨਸਾਫ ਦੀ ਮੰਗ ਕਰਨ ਲੱਗੇ।

ਐਫਐਸਐਲ ਟੀਮ ਨੇ ਮੌਕੇ ਤੋਂ ਸਬੂਤ ਇਕੱਠੇ ਕੀਤੇ ਹਨ। ਟੀਮ ਨੂੰ ਮੌਕੇ ਤੋਂ ਔਰਤ ਦੀਆਂ ਟੁੱਟੀਆਂ ਚੂੜੀਆਂ ਵੀ ਮਿਲੀਆਂ। ਪੁਲਿਸ ਤੋਂ ਮਿਲੀ ਜਾਣਕਾਰੀ ਅਨੁਸਾਰ ਅਗਵਾਕਾਰਾਂ ਨੇ ਸ਼ਰਾਬ ਪੀਤੀ ਹੋਈ ਸੀ।

## ਪਾਕਿਸਤਾਨ ਦੇ ਪੰਜਾਬ ਸੂਬੇ 'ਚ ਬੱਸ ਹਾਦਸਾ, ਛੇ ਦੀ ਮੌਤ, 50 ਜ਼ਖਮੀ

ਲਾਹੌਰ, 10 ਸਤੰਬਰ (ਪੋਸਟ ਬਿਊਰੋ): ਪਾਕਿਸਤਾਨ ਦੇ ਪੰਜਾਬ ਸੂਬੇ ਵਿੱਚ ਐਤਵਾਰ ਨੂੰ ਇੱਕ ਤੇਜ਼ ਰਫ਼ਤਾਰ ਬੱਸ ਪਲਟ ਗਈ। ਇਸ ਹਾਦਸੇ 'ਚ 6 ਲੋਕਾਂ ਦੀ ਮੌਤ ਹੋ ਗਈ ਅਤੇ 50 ਹੋਰ ਜ਼ਖਮੀ ਹੋ ਗਏ। ਬੱਸ ਧਾਰਮਿਕ ਸਮਾਗਮ ਲਈ ਈਸਾਈ ਸ਼ਰਧਾਲੂਆਂ ਨੂੰ ਲੈ ਕੇ ਜਾ ਰਹੀ ਸੀ। ਇਹ ਹਾਦਸਾ ਲਾਹੌਰ ਤੋਂ ਕਰੀਬ 50 ਕਿਲੋਮੀਟਰ ਦੂਰ ਸ਼ੇਖ਼ੂਪੁਰਾ ਵਿੱਚ ਵਾਪਰਿਆ।

ਅਧਿਕਾਰੀਆਂ ਮੁਤਾਬਕ ਬੱਸ ਮਰੀਅਮਾਬਾਦ ਸਥਿਤ ਨੈਸ਼ਨਲ ਮਾਰੀਅਨ ਤੀਰਥ 'ਤੇ ਧਾਰਮਿਕ ਸਮਾਗਮ ਲਈ ਈਸਾਈ ਸ਼ਰਧਾਲੂਆਂ ਨੂੰ ਲੈ ਕੇ ਜਾ ਰਹੀ ਸੀ। ਸ਼ੇਖ਼ੂਪੁਰਾ ਦੇ ਖੰਕਾ ਡੋਗਰਾਂ ਵਿੱਚ ਇੱਕ ਮੋੜ 'ਤੇ ਬੱਸ ਪਲਟ ਗਈ। ਪੁਲਿਸ ਅਤੇ ਬਚਾਅ ਅਧਿਕਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਇਆ।

ਉਨ੍ਹਾਂ ਦੱਸਿਆ ਕਿ ਛੇ ਯਾਤਰੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਪੰਜ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਬੱਸ ਵਿੱਚ ਸਮਰੱਥਾ ਤੋਂ ਵੱਧ 60 ਯਾਤਰੀ ਸਵਾਰ ਸਨ। ਡਰਾਈਵਰ ਨੇ ਮੋੜ ਲੈਂਦੇ ਸਮੇਂ ਤੇਜ਼ ਰਫਤਾਰ ਵਾਹਨ ਤੋਂ ਕੰਟਰੋਲ ਗੁਆ ਦਿੱਤਾ। ਜਿਸ ਕਾਰਣ ਹਾਦਸਾ ਹੋ ਗਿਆ।

## ਅੱਜ ਨਾਮਾ

ਰੱਫੜ ਪਾਕਿ ਅਫਗਾਨ ਦਾ ਪਿਆ ਤਕੜਾ,
ਗੋਲੀ ਰਹੀ ਆ ਬਾਰਡਰ'ਤੇ ਚੱਲ ਮੀਆਂ।
ਕਦੀ ਕਾਬਲ ਵੱਲ ਜਾਂਦੇ ਰਹੇ ਅੱਤਵਾਦੀ,
ਲੱਗੇ ਆਉਣ ਆ ਪਾਕਿ ਦੇ ਵੱਲ ਮੀਆਂ।
ਬੇਗਾਨੇ ਘਰੀਂ ਤਾਂ ਪਾਕਿ ਸੀ ਅੱਗ ਲਾਈ,
ਆਪਣੇ ਲੱਗਦੀ ਸਕੇ ਨਹੀਂ ਝੱਲ ਮੀਆਂ।
ਪੁਰਾਣੇ ਯਾਰ ਨੇ ਆਪੋ ਵਿੱਚ ਲੜੀ ਜਾਂਦੇ,
ਨਾਹੀਂ ਨਿਕਲਦਾਰੱਫੜ ਦਾ ਹੱਲ ਮੀਆਂ।
ਦਬਕਾ ਪਾਕਿ ਸੀ ਦਿੱਤਾ ਅਫਗਾਨੀਆਂ ਨੂੰ,
ਕੁੜੱਤਣਾਂ ਸਾਨੂੰ ਨਾ ਤੁਸੀਂ ਚੜ੍ਹਾਉ ਮੀਆਂ।
ਅੱਗਿਉਂ ਘੂਰ ਕੇ ਕਿਹਾ ਅਫਗਾਨੀਆਂ ਨੇ,
ਮੂਹਰੇ ਅਸਾਂ ਦੇ ਮੂਲ ਨਹੀਂ ਆਉ ਮੀਆਂ।

**ਤੀਸ ਮਾਰ ਖਾਂ**






















# ਕੌਮੀ ਲੋਕ ਅਦਾਲਤ ‘ਚ 3481 ਕੇਸਾਂ ਦਾ ਮੌਕੇ ’ਤੇ ਨਿਪਟਾਰਾ

## -13 ਬੈਂਚਾਂ ਵੱਲੋ 15,48,03,657 ਰੁਪਏ ਦੇ ਅਵਾਰਡ ਸੁਣਾਏ ਗਏ



ਨਵਾਂਸ਼ਹਿਰ, 10 ਸਤੰਬਰ (ਗਿਆਨ ਸਿੰਘ): ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ. ਏ. ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜਿਲ੍ਹਾਂ ਅਤੇ ਸ਼ੈਸਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ,ਕੰਵਲਜੀਤ ਸਿੰਘ ਬਾਜਵਾ ਦੀ ਅਗਵਾਈ ਹੇਠ ਅਤੇ ਸੀ.ਜੇ.ਐਮ-ਕਮ- ਸਕੱਤਰ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਕਮਲਦੀਪ ਸਿੰਘ ਧਾਲੀਵਾਲ ਦੀ ਦੇਖ-ਰੇਖ ਹੇਠ ਜ਼ਿਲ੍ਹਾਂ ਕੋਰਟ ਕੰਪਲੈਕਸ, ਨਵਾਂਸ਼ਹਿਰ ਅਤੇ ਸਬ-ਡਵੀਜ਼ਨ ਕੋਰਟ, ਤਹਿਸੀਲ ਬਲਾਚੌਰ ਵਿਖੇ ਕੌਮੀ ਲੋਕ ਅਦਾਲਤ ਲਗਾਈ ਗਈ ।

ਇਸ ਮੌਕੇ ਜ਼ਿਲ੍ਹਾ ਅਤੇ ਸ਼ੈਸਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਕੰਵਲਜੀਤ ਸਿੰਘ ਬਾਜਵਾ ਵੱਲੋਂ ਕੌਮੀ ਲੋਕ ਅਦਾਲਤ ਦੇ ਸਾਰੇ ਬੈਂਚਾਂ ਦਾ ਜ਼ਾਇਜਾ ਲਿਆ ਗਿਆ। ਇਸ ਕੌਮੀ ਨੈਸ਼ਨਲ ਅਦਾਲਤ ਦੌਰਾਨ 13 ਬੈਂਚਾਂ ਵੱਲੋ ਵੱਖ-ਵੱਖ ਤਰ੍ਹਾਂ ਦੇ 3796 ਕੇਸਾਂ ਵਿੱਚੋਂ 3481 ਕੇਸਾਂ ਦਾ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਮੌਕੇ ‘ਤੇ ਨਿਪਟਾਰਾ ਕਰਦਿਆ 15,48,03,657 ਰੁਪਏ ਦੇ ਅਵਾਰਡ ਸੁਣਾਏ ਗਏ ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਿਲ੍ਹਾਂ ਅਤੇ ਸ਼ੈਸਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਕੰਵਲਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਇਸ ਕੌਮੀ ਨੈਸ਼ਨਲ ਅਦਾਲਤ ਦੌਰਾਨ ਵੱਖ-ਵੱਖ ਕੇਸਾਂ ਦੀ ਸੁਣਵਾਈ ਲਈ ਜ਼ਿਲ੍ਹਾਂ ਕੋਰਟ ਕੰਪਲੈਕਸ, ਨਵਾਂਸ਼ਹਿਰ ਵਿਖੇ 12 ਬੈਂਚ ਅਤੇ ਸਵ-ਡਵੀਜ਼ਨ, ਬਲਾਚੌਰ ਵਿਖੇ 01 ਬੈਂਚ ਲਗਾਏ ਗਏ। ਇਸ ਕੌਮੀ ਨੈਸ਼ਨਲ ਅਦਾਲਤ ਦੌਰਾਨ ਚੇਅਰਮੈਨ ਸਥਾਈ ਲੋਕ ਅਦਾਲਤ (ਜਨ-ਉਪਯੋਗੀ ਸੇਵਾਵਾਂ) ਬਲਵੰਤ ਸਿੰਘ, ਵਧੀਕ ਜ਼ਿਲ੍ਹਾਂ ਤੇ ਸ਼ੈਸਨ ਜੱਜ-1 ਕਰੂਨੇਸ਼ ਕੁਮਾਰ, ਜ਼ਿਲ੍ਹਾਂ ਖਪਤਕਾਰ ਝਗੜਾ ਨਿਵਾਰਣ ਕਮਿਸ਼ਨ ਕੁਲਜੀਤ ਸਿੰਘ, ਸਿਵਲ ਜੱਜ (ਸੀਨੀਅਰ ਡਵੀਜ਼ਨ) ਪਰਮਿੰਦਰ ਕੌਰ, ਚੀਫ ਜੂਡੀਸ਼ੀਅਲ ਮੈਜਿਸਟ੍ਰੇਟ ਜਗਬੀਰ ਸਿੰਘ ਮਹਿੰਦੀਰੱਤਾ, ਵਧੀਕ ਸਿਵਲ ਜੱਜ (ਸੀਨੀਅਰ ਡਵੀਜਨ) ਕੋਂਪਲ ਧੰਜਲ, ਸਿਵਲ ਜੱਜ (ਜੂਨੀਅਰ ਡਵੀਜਨ) ਮੋਨਿਕਾ ਚੌਹਾਨ, ਸਿਵਲ ਜੱਜ (ਜੂਨੀਅਰ ਡਵੀਜਨ) ਸਰਵੇਸ਼ ਸਿੰਘ, ਅਤੇ ਸਬ-ਡਵੀਜ਼ਨਲ ਜੂਡੀਸ਼ੀਅਲ ਮੈਜਿਸਟ੍ਰੇਟ ਬਲਾਚੌਰ ਸੁਖਵਿੰਦਰ ਸਿੰਘ ਵੱਲੋ ਇਸ ਕੌਮੀ ਲੋਕ ਅਦਾਲਤ ਵਿੱਚ ਲੱਗੇ ਵੱਖ-ਵੱਖ ਤਰ੍ਹਾਂ ਦੇ ਕੇਸਾਂ ਦਾ ਦੋਵੇ ਧਿਰਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ ਅਤੇ ਇਸ ਤੋਂ ਇਲਾਵਾ ਇਨ੍ਹਾਂ ਬੈਂਚਾਂ ਦੇ ਨਾਲ ਮੈਂਬਰ ਦੇ ਤੌਰ ਤੇ ਐਡਵੋਕੇਟ ਸ਼ਾਮਲ ਸਨ। ਇਸ ਮੌਕੇ ਜ਼ਿਲ੍ਹਾਂ ਅਤੇ ਸ਼ੈਸਨ ਜੱਜ-ਕਮ-ਚੇਅਰਮੈਨ ਕੰਵਲਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਦਾ ਵਿਸ਼ੇਸ ਮੰਤਵ ਸਮਝੌਤੇ, ਰਾਜੀਨਾਮੇ ਰਾਹੀ ਅਦਾਲਤੀ ਕੇਸਾਂ ਦਾ ਫੈਸਲਾ ਕਰਵਾਉਣਾ ਹੈ, ਤਾਂ ਜੋ ਸਬੰਧਤ ਧਿਰਾਂ ਦਾ ਧਨ ਅਤੇ ਸਮਾਂ ਬਚਾਉਣ ਦੇ ਨਾਲ-ਨਾਲ ਉਨ੍ਹਾਂ ਦੀ ਆਪਸੀ ਦੁਸ਼ਮਣੀ ਵੀ ਘਟਾਈ ਜਾ ਸਕੇ ‘ਤੇ ਲੋਕਾਂ ਵਿੱਚ ਆਪਸੀ ਭਾਈਚਾਰੇ ਵਿੱਚ ਪਿਆਰ ਬਣਿਆ ਰਹੇ । ਉਨ੍ਹਾਂ ਕਿਹਾ ਕਿ ਇਸ ਦਾ ਆਮ ਲੋਕਾਂ ਨੂੰ ਵੱਧ ਤੋ ਵੱਧ ਲਾਭ ਲੈਣਾ ਚਾਹੀਦਾ ਹੈ ।

# ਟੂਰਿਜ਼ਮ ਸਮਿਟ ਤੇ ਟਰੈਵਲ ਮਾਰਟ ਦੀਆਂ ਤਿਆਰੀਆਂ ਦਾ ਪ੍ਰਮੁੱਖ ਸਕੱਤਰ ਸੈਰ ਸਪਾਟਾ ਨੇ ਲਿਆ ਜਾਇਜ਼ਾ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 10 ਸਤੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਪਹਿਲੇ ਟੂਰਿਜ਼ਮ ਸਮਿਟ ਤੇ ਟਰੈਵਲ ਮਾਰਟ ਦੀਆਂ ਤਿਆਰੀਆਂ ਦਾ ਜਾਇਜ਼ਾ ਅੱਜ ਸੈਰ ਸਪਾਟਾ ਤੇ ਸਭਿਆਚਾਰਕ ਮਾਮਲੇ ਵਿਭਾਗ ਦੀ ਪ੍ਰਮੁੱਖ ਸਕੱਤਰ ਰਾਖ਼ੀ ਗੁਪਤਾ ਭੰਡਾਰੀ ਵਲੋਂ ਲਿਆ ਗਿਆ।

ਐਮਿਟੀ ਯੂਨੀਵਰਸਿਟੀ ਵਿਖੇ ਤਿਆਰੀਆਂ ਦਾ ਜਾਇਜ਼ਾ ਲੈਣ ਉਪਰੰਤ ਸਿਵਲ ਅਤੇ ਪੁਲਿਸ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰਦਿਆਂ ਸ੍ਰੀਮਤੀ ਭੰਡਾਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸੈਰ ਸਪਾਟੇ ਨੂੰ ਵਿਸ਼ਵ ਦੇ ਨਕਸ਼ੇ ਤੇ ਲਿਆਉਣ ਦੇ ਮਕਸਦ ਨਾਲ ਇਹ ਸਮਿਟ ਕਰਵ-ਾਇਆ ਜਾ ਰਿਹਾ ਅਤੇ ਸਾਡੀ ਸਭ ਦੀ ਇਹ ਜ਼ੁੰਮੇਵਾਰੀ ਹੈ ਕਿ ਇਹ ਪ੍ਰੋਗਰਾਮ ਸਫ਼ਲਤਾ ਪੂਰਵਕ ਨੇਪਰੇ ਚੜ੍ਹੇ।

ਉਨ੍ਹਾਂ ਕਿਹਾ ਕਿ ਸੂਬੇ ਵਿਚ ਸੈਰ ਸਪਾਟੇ ਦੀਆਂ ਅਥਾਹ ਸੰਭਾਵਨਾਵਾਂ ਹਨ। ਉਨ੍ਹਾਂ ਕਿਹਾ ਕਿ ਕੁਦਰਤ ਨੇ ਸਾਨੂੰ ਖ਼ੂਬਸੂਰਤ ਦਰਿਆ,ਪਹਾੜ ਅਤੇ ਮੈਦਾਨ ਦਿੱਤੇ ਹਨ ਜ਼ੋ ਕਿ ਹਰ ਇਕ ਨੂੰ ਆਪਣੇ ਵੱਲ ਆਕਰਸ਼ਿਤ ਕਰਦਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਧਾਰਮਿਕ ਸੈਰ ਸਪਾਟਾ ਬਹੁਤ ਵਧਿਆ ਫੁਲਿਆ ਹੈ ਹੁਣ ਸਾਡਾ ਟੀਚਾ ਪੰਜਾਬ ਦੇ ਕੁਦਰਤੀ ਸੁਹੱਪਣ ਵਾਲੇ ਸਥਾਨਾਂ ਲੋਕਾਂ ਸਾਹਮਣੇ ਦੇ ਕੇ ਆਉਣਾ ਦਾ ਹੈ।

ਪ੍ਰਮੁੱਖ ਸਕੱਤਰ ਨੇ ਕਿਹਾ ਕਿ ਪੰਜਾਬ ਰਾਜ ਦਾ ਜਿੰਨ੍ਹਾ ਸੈਰ ਸਪਾਟਾ ਪ੍ਰਫੁੱਲਤ ਹੋਵੇਗਾ ਉਨ੍ਹਾਂ ਹੀ ਸੂਬੇ ਨੂੰ ਆਰਥਿਕ ਲਾਭ ਵੀ ਹੋਵੇਗਾ। ਇਸ ਲਈ ਪੰਜਾਬ ਟੂਰਿਜ਼ਮ ਸਮਿਟ ਸੂਬੇ ਦੇ ਵਿਕਾਸ ਵਿੱਚ ਮੀਲ ਪੱਥਰ ਸਾਬਤ ਹੋਵੇਗਾ।

ਉਨ੍ਹਾਂ ਕਿਹਾ ਕਿ ਇਸ ਸਮਾਗਮ ਦੀ ਸਫਲਤਾ ਲਈ ਸਾਨੂੰ ਸਭ ਨੂੰ ਬਤੌਰ ਸਰਕਾਰੀ ਮੁਲਾਜ਼ਮ ਹੋਣ ਦੇ ਨਾਲ ਨਾਲ ਬਤੌਰ ਪੰਜਾਬੀ ਵੀ ਵੱਧ ਚੜ੍ਹ ਕੇ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

ਇਸ ਤੋਂ ਇਲਾਵਾ ਸਾਡੀ ਇਹ ਜ਼ੁੰਮੇਵਾਰੀ ਬਣ ਜਾਂਦੀ ਹੈ ਕਿ ਇਸ ਸਮਿਟ ਵਿਚ ਸ਼ਮੂਲੀਅਤ ਕਰ ਰਹੇ ਹਰ ਇਕ ਮਹਿਮਾਨ ਨੂੰ ਪੰਜਾਬ ਦੇ ਮਾਣਮੱਤੇ ਪ੍ਰਹੁਣਚਾਰੀ ਰਵਾਇਤਾਂ ਦਾ ਸੁਖਦ ਅਹਿਸਾਸ ਹੋ ਸਕੇ ਅਤੇ ਉਹ ਬਾਰ ਬਾਰ ਪੰਜਾਬ ਘੁੰਮਣ ਆਵੇ।

ਭੰਡਾਰੀ ਨੇ ਸਮਾਗਮ ਸਥਾਨ, ਪ੍ਰਦਰਸ਼ਨੀ ਖ਼ੇਤਰ ਅਤੇ ਲੰਚ ਏਰੀਆ ਦਾ ਵੀ ਨਿਰੀਖਣ ਕੀਤਾ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਡੀ.ਆਈ.ਜੀ. ਰੂਪਨਗਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ, ਦਿਲਰਾਜ ਸਿੰਘ ਸੰਧਾਵਾਲੀਆ ਸਕੱਤਰ, ਵਰਿੰਦਰ ਸ਼ਰਮਾ ਡਾਇਰੈਕਟਰ ਸੈਰ ਸਪਾਟਾ, ਭੁਪਿੰਦਰ ਸਿੰਘ ਡਾਇਰੈਕਟਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ, ਮਨੀਸ਼ ਕੁਮਾਰ ਆਈ.ਏ.ਐਸ., ਟੀ.ਪੀ.ਐਸ.ਫੂਲਕਾ ਆਈ.ਏ.ਐਸ, ਸ੍ਰੀਮਤੀ ਆਸ਼ਿਕਾ ਜੈਨ ਡਿਪਟੀ ਕਮਿਸ਼ਨਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਡਾਕਟਰ ਸੰਦੀਪ ਗਰਗ ਐਸ.ਐਸ.ਪੀ. ਸਾਹਿਬਜ਼ਾਦਾ ਅਜੀਤ ਸਿੰਘ ਨਗਰ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹੋਰ ਸੀਨੀਅਰ ਅਧਿਕਾਰੀਆਂ ਹਾਜ਼ਰ ਸਨ।

# ਆਮ ਆਦਮੀ ਪਾਰਟੀ ਦੇ ਵੱਖ ਵੱਖ ਅਹੁਦੇਦਾਰਾਂ ਵੱਲੋਂ ਪਾਰਟੀ ਸੰਗਠਨ ਨੂੰ ਮਜਬੂਤ ਕਰਨ ਹਿੱਤ ਬਲਾਕ ਪੱਧਰੀ ਮੀਟਿੰਗ ਦਾ ਆਯੋਜਨ





ਫਰੀਦਕੋਟ 10 ਸਤੰਬਰ (ਗਿਆਨ ਸਿੰਘ): ਅੱਜ ਆਮ ਆਦਮੀ ਪਾਰਟੀ ਦੇ ਵੱਖ ਵੱਖ ਅਹੁਦੇਦਾਰਾਂ ਵੱਲੋਂ ਪਾਰਟੀ ਦੇ ਸੰਗਠਨ ਨੂੰ ਮਜਬੂਤ ਕਰਨ ਸਬੰਧੀ ਬਲਾਕ ਪ੍ਰਧਾਨ ਸੰਦੀਪ ਸਿੰਘ ਕੰਮੇਆਣਾ ਦੀ ਪ੍ਰਧਾਨਗੀ ਹੇਠ ਪਿੰਡ ਮਚਾਕੀ ਮੱਲ ਸਿੰਘ ਵਿਖੇ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵੱਖ ਵੱਖ ਸਰਕਲ ਪ੍ਰਧਾਨਾਂ, ਪਾਰਟੀ ਵਰਕਰਾਂ ਅਤੇ ਅਹੁਦੇਦਾਰਾਂ ਨੇ ਪਾਰਟੀ ਸੰਗਠਨ ਦੀ ਮਜ਼ਬੂਤੀ ਅਤੇ ਆਉਣ ਵਾਲੇ ਪੰਚਾਇਤੀ, ਬਲਾਕ ਸੰਮਤੀ, ਜਿਲ੍ਹਾ ਪ੍ਰੀਸ਼ਦ ਚੋਣਾਂ ਬਾਰੇ ਖੁੱਲ੍ਹ ਕੇ ਵਿਚਾਰ ਵਟਾਂਦਰਾ ਕੀਤਾ ਗਿਆ।

ਬਲਾਕ ਪ੍ਰਧਾਨ ਸੰਦੀਪ ਸਿੰਘ ਕੰਮੇਆਣਾ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ, ਸਪੀਕਰ ਪੰਜਾਬ ਵਿਧਾਨ ਸਭਾ ਸ.ਕੁਲਤਾਰ ਸਿੰਘ ਸੰਧਵਾਂ ਸਮੇਤ ਸਮੁੱਚੀ ਆਮ ਆਦਮੀ ਪਾਰਟੀ ਦੀ ਕੈਬਨਿਟ ਨੇ ਪਹਿਲੇ ਦਿਨ ਹੀ ਇਹ ਫੈਸਲਾ ਕੀਤਾ ਸੀ ਕਿ ਪਾਰਟੀ ਵਲੋਂ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਵਿੱਚ ਕਿਸੇ ਨਾਲ ਵਿਤਕਰੇਬਾਜੀ ਨਹੀਂ ਕੀਤੀ ਜਾਵੇਗੀ ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਹਰ ਵਿਕਾਸ ਦੇ ਕੰਮ ਨੂੰ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਕੀਤਾ ਜਾ ਰਿਹਾ ਹੈ।

ਇਸ ਮੌਕੇ ਕੁਆਰਡੀਨੇਟਰ ਹਰਪਾਲ ਸਿੰਘ ਢਿੱਲਵਾਂ, ਐਡਵੋਕੇਟ ਬੀਰ ਇੰਦਰ ਸਿੰਘ ਸੰਧਵਾਂ, ਮਨਪ੍ਰੀਤ ਸਿੰਘ ਧਾਲੀਵਾਲ, ਬੱਬੂ ਸੰਧੂ ਸਿੱਖਾਂ ਵਾਲਾ, ਚੇਅਰਮੈਨ ਗੁਰਮੀਤ ਸਿੰਘ ਆਰੇ ਵਾਲੇ ਹਾਜ਼ਰ ਸਨ।

# ਐਮ.ਪੀ ਸਦੀਕ ਨੇ ਲੋਕ ਭਲਾਈ ਸਕੀਮਾਂ ਦੇ 17 ਏਜੰਡਿਆਂ ਤੇ ਕੀਤੀ ਚਰਚਾ




ਫਰੀਦਕੋਟ, 10 ਸਤੰਬਰ (ਪੋਸਟ ਬਿਊਰੋ): ਬੀਤੇ ਦਿਨ ਜ਼ਿਲਾ ਵਿਕਾਸ ਕੋਆਰਡੀਨੇਸ਼ਨ ਅਤੇ ਮੋਨੇਟਰਿੰਗ ਕਮੇਟੀ ਦੀ ਮੀਟਿੰਗ ਫਰੀਦਕੋਟ ਦੇ ਮੈਂਬਰ ਲੋਕ ਸਭਾ ਮੁਹੰਮਦ ਸਦੀਕ ਦੀ ਅਗਵਾਈ ਹੇਠ ਇੱਥੋਂ ਦੇ ਅਸ਼ੋਕਾ ਚੱਕਰ ਮੀਟਿੰਗ ਹਾਲ ਵਿਖੇ ਹੋਈ। ਇਸ ਵਿੱਚ ਹਲਕਾ ਵਿਧਾਇਕ ਸ.ਗੁਰਦਿੱਤ ਸਿੰਘ ਸੇਖੋਂ, ਡਿਪਟੀ ਕਮਿਸ਼ਨਰ ਫ਼ਰੀਦਕੋਟ ਵਿਨੀਤ ਕੁਮਾਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਇਸ ਮੌਕੇ ਜਿਲਾ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਮੈਂਬਰ ਲੋਕ ਸਭਾ ਨੇ ਕਿਹਾ ਕਿ ਵੱਖ ਵੱਖ ਵਿਕਾਸ ਪ੍ਰੋਜੈਕਟਾਂ, ਲੋਕ ਭਲਾਈ ਕੰਮਾਂ, ਕੇਂਦਰ ਤੇ ਪੰਜਾਬ ਸਰਕਾਰ ਦੀਆਂ ਵੱਖ ਵੱਖ ਯੋਜਨਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਸਾਨੂੰ ਸਭ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਜੋ ਜ਼ਿਲ੍ਹੇ ਦਾ ਸਰਬਪੱਖੀ ਵਿਕਾਸ ਹੋ ਸਕੇ। ਇਸ ਮੌਕੇ ਉਨ੍ਹਾਂ ਲੋਕ ਭਲਾਈ ਕੰਮਾਂ ਸਬੰਧੀ ਵੱਖ ਵੱਖ ਵਿਭਾਗਾਂ ਦੇ 17 ਏਜੰਡਿਆਂ ਤੇ ਵਿਸਥਾਰਪੂਰਵਕ ਚਰਚਾ ਕੀਤੀ।

ਉਨ੍ਹਾਂ ਕਿਹਾ ਕਿ ਰਾਜ ਸਰਕਾਰ, ਜਿਲਾ ਪ੍ਰਸ਼ਾਸਨ ਤੇ ਲੋਕਾਂ ਦੇ ਚੁਣੇ ਨੁਮਾਇੰਦਿਆਂ ਦਾ ਫਰਜ਼ ਬਣਦਾ ਹੈ ਕਿ ਉਹ ਲੋਕ ਭਲਾਈ ਸਕੀਮਾਂ, ਵੱਖ ਵੱਖ ਯੋਜਨਾਵਾਂ ਨੂੰ ਲਾਗੂ ਕਰਨ ਸਬੰਧੀ ਕੋਈ ਦਿੱਕਤ ਪੇਸ਼ ਨਾ ਆਉਣ ਦੇਣ। ਇਸ ਮੌਕੇ ਉਨ੍ਹਾਂ ਮਗਨਰੇਗਾ ਤਹਿਤ ਜਿਲੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ, ਦੀਨ ਦਿਆਲ ਉਪਾਧਿਆ, ਸੈਲਫ ਹੈਲਪ ਗਰੁੱਪ ਸਕੀਮ, ਸਵੱਛ ਭਾਰਤ ਮਿਸ਼ਨ, ਸੋਲਿਡ ਵੇਸਟ ਮੈਨੇਜਮੈਂਟ, ਜਲ ਜੀਵਨ ਮਿਸ਼ਨ, ਪਾਵਰਕਾਮ, ਪ੍ਰਧਾਨ ਮੰਤਰੀ ਸੜਕ ਯੋਜਨਾ, ਸਮੱਗਰਾ, ਮਿਡ ਡੇ ਮੀਲ, ਆਂਗਨਵਾੜੀ ਸੈਂਟਰਾਂ ਵਿੱਚ ਦਿੱਤੀ ਜਾਂਦੀ ਖੁਰਾਕ, ਸੇਵਾ ਕੇਂਦਰ, ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ, ਪ੍ਰਧਾਨ ਮੰਤਰੀ ਆਦਰਸ਼ ਗ੍ਰਾਮੀਣ ਯੋਜਨਾ, ਪ੍ਰਧਾਨ ਮੰਤਰੀ ਡਿਵੈਲਪਮੈਂਟ ਪ੍ਰੋਗਰਾਮ, ਬੇਟੀ ਬਚਾਓ ਬੇਟੀ ਪੜਾਓ, ਪੈਨਸ਼ਨ ਸਕੀਮਾਂ, ਐਮ.ਪੀ.ਲੈਂਡ, ਹਾਊਸਿੰਗ ਪ੍ਰਾਜੈਕਟ, ਸਵੱਛ ਭਾਰਤ ਮਿਸ਼ਨ ਸਮੇਤ ਵੱਖ ਵੱਖ ਕੇਂਦਰ ਅਤੇ ਰਾਜ ਸਰਕਾਰ ਦੀਆਂ ਸਪਾਂਸਰ ਸਕੀਮਾਂ ਆਦਿ ਦੀ ਵਿਸਥਾਰ ਸਹਿਤ ਜਾਣਕਾਰੀ ਹਾਸਲ ਕੀਤੀ ਤੇ ਅਧਿਕਾਰੀਆਂ ਨੂੰ ਕਿਹਾ ਕਿ ਅਜੇ ਵੀ ਬਹੁਤ ਸਾਰੇ ਲੋਕਾਂ ਨੂੰ ਇਨਾਂ ਸਕੀਮਾਂ ਦਾ ਲਾਭ ਨਹੀਂ ਮਿਲ ਰਿਹਾ ਤੇ ਆਉਣ ਵਾਲੇ ਸਮੇਂ ਵਿੱਚ ਇਨਾਂ ਵਿਕਾਸ ਸਕੀਮਾਂ ਦਾ ਹਰ ਇਕ ਨਾਗਰਿਕ ਅਤੇ ਲੋੜਵੰਦ ਨੂੰ ਲਾਭ ਯਕੀਨੀ ਬਣਾਇਆ ਜਾਵੇ।

ਇਸ ਮੌਕੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਵੱਖ ਵੱਖ ਵਿਭਾਗਾਂ ਅਧੀਨ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਵਿੱਚ ਹੋਰ ਤੇਜ਼ੀ ਲਿਆਉਣ ਅਤੇ ਉਨ੍ਹਾਂ ਨੂੰ ਮਿੱਥੇ ਸਮੇਂ ਵਿੱਚ ਮੁਕੰਮਲ ਕਰਨ ਦੇ ਆਦੇਸ਼ ਦਿੱਤੇ । ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਕੇਂਦਰੀ ਅਤੇ ਰਾਜ ਪੱਧਰ ਦੀਆਂ ਲੋਕ ਭਲਾਈ ਸਕੀਮਾਂ, ਵਿਕਾਸ ਕਾਰਜਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇਗਾ। ਉਨ੍ਹਾਂ ਮੈਂਬਰ ਲੋਕਾਂ ਸਭਾ ਜਨਾਬ ਮੁਹੰਮਦ ਸਦੀਕ ਨੂੰ ਯਕੀਨ ਦਵਾਇਆ ਕਿ ਜਿਲਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀਆਂ ਹਦਾਇਤਾਂ ਅਨੁਸ-ਾਰ ਲੋਕ ਭਲਾਈ ਸਕੀਮਾਂ, ਵਿਕਾਸ ਪ੍ਰੋਜੈਕਟਾਂ ਦਾ ਲਾਭ ਜ਼ਮੀਨੀ ਪੱਧਰ ਤੱਕ ਪਹੁੰਚਾਇਆ ਜਾਵੇਗਾ। ਸਰਕਾਰ ਦੇ ਨੁਮਾਇੰਦਿਆ ਨੇ ਦੱਸਿਆ ਕਿ ਸਵੱਛ ਭਾਰਤ ਮਿਸ਼ਨ ਤਹਿਤ ਜ਼ਿਲ੍ਹੇ ਵਿੱਚ ਹੁਣ ਤੱਕ ਪਹਿਲੇ ਫੇਜ਼ ਵਿੱਚ 14,700 ਪਖਾਨੇ ਮੁਕੰਮਲ ਕਰ ਲਏ ਗਏ ਹਨ ਅਤੇ ਦੂਜੇ ਫੇਜ ਵਿੱਚ 6,000 ਪਖਾਨਿਆਂ ਨੂੰ ਬਣਾਉਣ ਦਾ ਕੰਮ ਵੀ ਮੁਕੰਮਲ ਕਰ ਲਿਆ ਗਿਆ ਹੈ।

ਮੀਟਿੰਗ ਦੌਰਾਨ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਸੁਝਾਅ ਦਿੱਤਾ ਕਿ ਸਾਫ ਸਫਾਈ ਦੇ ਮੱਦੇ ਨਜ਼ਰ ਅਤੇ ਫੰਡਾਂ ਦੀ ਉਪਲੱਬਧਤਾ ਤੇ ਚੱਲਦਿਆਂ ਮੱਤਾ ਰੋਡ ਤੇ ਸੋਕ ਪਿਟ ਬਣਾਏ ਜਾ ਸਕਦੇ ਹਨ। ਉਨ੍ਹਾਂ ਬੱਚਿਆਂ ਨੂੰ ਮਿਡ-ਡੇ-ਮੀਲ ਵਿੱਚ ਪਰੋਸੇ ਜਾ ਰਹੇ ਖਾਣੇ ਦੀ ਸਹੀ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਸਮੇਂ ਸਮੇਂ ਤੇ ਡੀ.ਈ.ਓ, ਪ੍ਰਿੰਸੀਪਲ, ਅਧਿਆਪਕ ਅਤੇ ਸਿੱਖਿਆ ਵਿਭਾਗ ਦੇ ਨੁਮਾਇੰਦਿਆਂ ਨੂੰ ਬੱਚਿਆਂ ਦੇ ਵਿੱਚ ਬੈਠ ਕੇ ਖਾਣਾ ਖਾਣ ਦੀ ਤਾਕੀਦ ਕੀਤੀ। ਉਨ੍ਹਾਂ ਕਿਹਾ ਕਿ ਵਿਕਾਸ ਪ੍ਰੋਜੈਕਟਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਊਣਤਾਈ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਜ਼ਿਲ੍ਹਾ ਫ਼ਰੀਦਕੋਟ ਵਿਖੇ ਸਿਹਤ ਸਹੂਲਤਾਂ ਸਬੰਧੀ ਵੀ ਵਿਸਥਾਰਪੂਰਵਕ ਡੂੰਘਾਈ ਨਾਲ ਚਰਚਾ ਹੋਈ। ਇਸ ਦੌਰਾਨ ਮੈਂਬਰ ਪਾਰਲੀਮੈਂਟ ਅਤੇ ਐਮ.ਐਲ.ਏ ਸ. ਗੁਰਦਿੱਤ ਸਿੰਘ ਸੇਖੋਂ ਨੇ ਸਿਹਤ ਵਿਭਾਗ ਦੀ ਕਾਰਗੁਜ਼ਾਰੀ ਤੇ ਤਸੱਲੀ ਪ੍ਰਗਟ ਕਰਦਿਆਂ ਆਰਥਿਕ ਤੌਰ ਤੇ ਕਮਜ਼ੋਰ ਵਰਗ ਦੇ ਲੋਕਾਂ ਨੂੰ ਬਿਨਾਂ ਕਿਸੇ ਅੜਚਨ ਦੇ ਸਹੂਲਤਾਂ ਮੁਹੱਈਆਂ ਕਰਵਾਉਣ ਤੇ ਜੋਰ ਦਿੱਤਾ।


Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



“For all your real estate needs”

Anabela Serra
Sales Representative
416-400-5825
anabelserra75@gmail.com





$1,149,000

98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us







CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.



Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਸਿਨਸਿਨੈਟੀ ਦੇ ਛੇਵੇਂ ਸਲਾਨਾ ਵਿਸ਼ਵ ਧਰਮ ਸੰਮੇਲਨ ਵਿਚ ਸਿੱਖਾਂ ਨੇ ਕੀਤੀ ਸ਼ਮੂਲੀਅਤ

**ਸਿੱਖ ਸੰਗਤ ਵਲੋਂ ਕੀਤੀ ਗਈ ਲੰਗਰ ਸੇਵਾ, ਲਾਈ ਗਈ ਧਰਮ ਬਾਰੇ ਪ੍ਰਦਰਸ਼ਨੀ, ਮਹਿਮਾਨਾਂ 'ਤੇ ਸਜਾਈਆਂ ਗਈਆਂ ਦਸਤਾਰਾਂ, ਮੇਅਰ ਆਫਤਾਬ ਪੂਰੇਵਾਲ ਨੇ ਕੀਤਾ ਸਿੱਖ ਭਾਈਚਾਰੇ ਦਾ ਧੰਨਵਾਦਵਲੋਂ: ਸਮੀਪ ਸਿੰਘ ਗੁਮਾਟਾਲਾ**









ਸਿਨਸਿਨੈਟੀ, ਓਹਾਇਓ, 10 ਸਤੰਬਰ (ਗਿਆਨ ਸਿੰਘ): ਬੀਤੇ ਦਿਨੀ ਅਮਰੀਕਾ ਦੇ ਸੂਬੇ ਓਹਾਈਓ ਦੇ ਸ਼ਹਿਰ ਸਿਨਸਿਨੈਟੀ ਦੀ ਜ਼ੇਵੀਅਰ ਯੂਨੀਵਰਸਿਟੀ ਵਿਖੇ ਛੇਵਾਂ ਸਲਾਨਾ "ਸਿਨਸਨੈਟੀ ਫੈਸਟੀਵਲ ਆਫ ਫੇਥਸ" (ਵਿਸ਼ਵ ਧਰਮ ਸੰਮੇਲਨ) ਦਾ ਆਯੋਜਨ ਕੀਤਾ ਗਿਆ। 'ਇਕੁਏਜ਼ਨ' ਸੰਸਥਾ ਵਲੋਂ ਕਰਵਾਏ ਜਾਂਦੇ ਇਸ ਸੰਮੇਲਨ ਵਿਚ 13 ਪ੍ਰਮੁੱਖ ਵਿਸ਼ਵ ਧਰਮਾ ਦੇ ਲੋਕ ਅਤੇ 30 ਤੋਂ ਵੱਧ ਧਾਰਮਿਕ ਸੰਸਥਾਵਾਂ ਇਕ ਵਾਰ ਫਿਰ ਇਕਜੁੱਟ ਹੋਈਆਂ ਅਤੇ ਵੱਖ-ਵੱਖ ਧਰਮਾਂ, ਸਭਿਆਚਾਰਾਂ ਬਾਰੇ ਸਿੱਖਿਆ ਦੇਣ ਅਤੇ ਲੈਣ ਲਈ ਵੱਡੀ ਗਿਣਤੀ ਵਿਚ ਲੋਕ ਇਕੱਠੇ ਹੋਏ। ਸਿਨਸਿਨੈਟੀ ਅਤੇ ਨੇੜਲੇ ਸ਼ਹਿਰ ਡੇਟਨ ਦੇ ਸਿੱਖਾਂ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ। ਪਿਛਲੇ ਸਾਲ ਵਾਂਗ ਸਿੱਖ ਭਾਈਚਾਰੇ ਵਲੋਂ ਆਏ ਹੋਏ ਹਜਾਰਾਂ ਮਹਿਮਾਨਾਂ ਲਈ ਲੰਗਰ ਦੀ ਵੀ ਸੇਵਾ ਕੀਤੀ ਗਈ। ਇਸ ਸਾਲ ਹਿੰਦੂ ਭਾਈਚਾਰੇ ਨੇ ਸਿੱਖ ਸੰਗਤ ਨਾਲ ਲੰਗਰ ਦੀ ਸੇਵਾ ਵਿੱਚ ਯੋਗਦਾਨ ਪਾਇਆ। ਆਏ ਹੋਏ ਮਹਿਮਾਨਾਂ ਨੂੰ ਸਿੱਖ ਧਰਮ ਵਿਚ ਲੰਗਰ ਅਤੇ ਸੇਵਾ ਦੀ ਮਹੱਤਤਾ ਬਾਰੇ ਜਾਣ ਕੇ ਬਹੁਤ ਖੁਸ਼ੀ ਹੋਈ ਤੇ ਉਹਨਾਂ ਨੇ ਸਿੱਖਾਂ ਦਾ ਧੰਨਵਾਦ ਕੀਤਾ। ਫੈਸਟੀਵਲ ਦਾ ਉਦਘਾਟਨ ਵੱਖ-ਵੱਖ ਧਰਮਾਂ ਦੀ ਅਰਦਾਸ ਨਾਲ ਹੋਇਆ। ਵੱਖ-ਵੱਖ ਧਰਮਾਂ ਦੇ ਨੁਮਾਇੰਦਿਆਂ ਨੇ ਆਪਣੇ ਧਰਮ ਦੇ ਅਕੀਦੇ ਮੁਤਾਬਕ ਪਰਮਾਤਮਾ ਦਾ ਗੁਣ ਗਾਇਨ ਕੀਤਾ। ਮਰਹੂਮ ਜੈਪਾਲ ਸਿੰਘ ਜੋ ਕਿ ਇਸ ਸੰਮੇਲਨ ਦੇ ਮੁੱਖ ਸੰਸਥਾਪਕਾਂ ਵਿੱਚੋਂ ਸਨ ਦੀ ਪਤਨੀ ਅਸੀਸ ਕੌਰ ਨੇ ਸਿੱਖ ਧਰਮ ਦੀਆਂ ਮੂਲ ਬੁਨਿਆਦੀ ਸਿੱਖਿਆਵਾਂ, "ਮੂਲ ਮੰਤਰ" ਬਾਰੇ ਦੱਸਿਆ। ਉਹਨਾਂ ਕਿਹਾ ਕਿ ਜਿਵੇਂ ਪਾਣੀ ਪਾਣੀ ਵਿੱਚ ਅਤੇ ਪ੍ਰਕਾਸ਼ ਪ੍ਰਕਾਸ਼ ਵਿੱਚ ਅਭੇਦ ਹੋ ਜਾਂਦਾ ਹੈ, ਇਸ ਸਾਡੀ ਅਰਦਾਸ ਹੈ ਕਿ ਅਸੀਂ ਵੀ ਸਾਰੇ ਸਰਬੱਤ ਦਾ ਭਲਾ ਮੰਗ ਸ਼ਾਤੀ ਨਾਲ ਇਕੱਠੇ ਰਹੀਏ।

ਇਸ ਮੌਕੇ ਭਾਈ ਮਹਿਲ ਸਿੰਘ ਚੰਡੀਗੜ੍ਹ ਵਾਲਿਆਂ ਦੇ ਕਵੀਸ਼ਰੀ ਜੱਥੇ ਨੇ ਸੰਗਤਾਂ ਨੂੰ ਗੁਰੂ ਜੱਸ ਨਾਲ ਜੋੜਿਆ। ਸਿੱਖ ਪ੍ਰਦਰਸ਼ਨੀ ਵਿਚ ਪੁਸਤਕਾਂ ਤੋਂ ਇਲਾਵਾ ਸਿਖ ਧਰਮ ਬਾਰੇ ਜਾਣਕਾਰੀ ਦੇਣ ਲਈ ਪੰਜ ਕਕਾਰ ਰੱਖੇ ਗਏ। ਆਏ ਹੋਏ ਮਹਿਮਾਨਾਂ ਨੂੰ ਦਸਤਾਰ ਬੰਨਣ ਤੇ ਉਸ ਦੀ ਮਹੱਤਤਾ ਬਾਰੇ ਜਾਣੂ ਕਰਾਉਣ ਲਈ ਸੈਸ਼ਨ ਦਾ ਪ੍ਰਬੰਧ ਕੀਤਾ ਗਿਆ। ਵੱਖ-ਵੱਖ ਰੰਗਾਂ ਦੀਆਂ ਦਸਤਾਰਾਂ ਸਜਾਈ ਇਹ ਸਮਾਗਮ ਸਿੱਖ ਸਭਿਆਚਾਰ ਦੇ ਰੰਗਾਂ ਅਤੇ ਪਰੰਪਰਾਵਾ ਵਿਚ ਲੀਨ ਹੋ ਗਿਆ। ਦਸਤਾਰ ਸਜਾ ਕੇ ਬੱਚੇ, ਵੱਡੇ, ਬਜ਼ੁਰਗ ਬਹੁਤ ਹੀ ਉਤਸ਼ਾਹਿਤ ਹੁੰਦੇ, ਤਸਵੀਰਾ ਲੈਂਦੇ ਅਤੇ ਮਾਣ ਨਾਲ ਆਪਣੇ ਸਿਰ ਤੇ ਤਾਜ ਦੇ ਨਾਲ ਸੰਮੇਲਨ ਵਿਚ ਘੁੰਮਦੇ ਰਹੇ।

ਸਿਨਸਿਨੈਟੀ ਦੇ ਮੇਅਰ ਆਫਤਾਬ ਪੂਰੇਵਾਲ ਨੇ ਕਿਹਾ, "ਸਾਨੂੰ ਗੁਰੂ ਨਾਨਕ ਸੋਸਾਇਟੀ ਸਿਨਸਿਨੈਟੀ ਅਤੇ ਡੇਟਨ ਦੇ ਸਮੂਹ ਸਿੱਖ ਭਾਈਚਾਰੇ 'ਤੇ ਮਾਣ ਹੈ। ਸਿੱਖ ਭਾਈਚਾਰਾ ਇੱਥੇ ਆਏ ਵੱਖ-ਵੱਖ ਭਾਈਚਾਰਿਆਂ ਦੇ ਲੋਕਾਂ ਲਈ ਲੰਗਰ ਦੀ ਸੇਵਾ ਕਰ ਰਿਹਾ ਹੈ। ਮੈਂ ਭਾਈਚਾਰੇ ਲਈ ਉਤਸ਼ਾਹਿਤ ਅਤੇ ਮਾਣ ਮਹਿਸੂਸ ਕਰਦਾ ਹਾਂ ਕਿ ਉਹ ਲਗਾਤਾਰ ਸਾਡੇ ਆਲੇ ਦੁਆਲੇ ਦੇ ਲੋਕਾਂ ਲਈ ਸੇਵਾ ਕਰਦੇ ਰਹਿੰਦੇ ਹਨ। ਲੋਕਾਂ ਦੀ ਇਹਨੀ ਵੱਡੀ ਗਿਣਤੀ ਲੰਗਰ ਵਿੱਚ ਸ਼ਾਮਲ ਹੁੰਦੇ ਦੇਖ ਕੇ ਮੈਨੂੰ ਬਹੁਤ ਮਾਣ ਮਹਿਸੂਸ ਹੁੰਦਾ ਹੈ।"

ਇਸ ਮੌਕੇ ਸਿੱਖ ਭਾਈਚਾਰੇ ਵੱਲੋਂ ਜੈਪਾਲ ਸਿੰਘ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ ਗਈ। ਭਾਗ ਲੈਣ ਵਾਲੀਆਂ ਸੰਸਥਾਵਾਂ ਵਿੱਚੋਂ ਸਭ ਤੋਂ ਪ੍ਰਮੁੱਖ ਸਥਾਨਕ ਸਿੱਖ ਭਾਈਚਾਰਾ ਨੇ ਬੜੇ ਉਤਸ਼ਾਹ ਨਾਲ ਇਸ ਸੰਮੇਲਨ ਨੂੰ ਕਾਮਯਾਬ ਕਰਨ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ। ਇਸ ਦਾ ਕਾਰਨ ਫੈਸਟੀਵਲ ਦੇ ਸੰਸਥਾਪਕਾਂ ਵਿੱਚੋ ਇੱਕ ਜੈਪਾਲ ਸਿੰਘ ਹੈ, ਜਿਸਨੇ ਇਸ ਸਲਾਨਾ ਸੰਮੇਲਨ ਨੂੰ ਸ਼ੁਰੂ ਕਰਨ ਵਿੱਚ ਆਪਣਾ ਬਹੁਤ ਵੱਡਾ ਹਿੱਸਾ ਪਾਇਆ। ਇਸ ਨਾਲ ਸਿਨਸਿਨਾਟੀ ਦੇ ਵੱਖ ਵੱਖ ਭਾਈਚਾਰਿਆ ਵਿੱਚ ਆਪਸੀ ਸਿੱਖਿਆ, ਸੰਬੰਧ, ਹਮਦਰਦੀ, ਸਮਝ ਅਤੇ ਪਿਆਰ ਪੈਦਾ ਹੋ ਰਿਹਾ ਹੈ।




ਕੈਨੇਡੀਅਨ ਪੰਜਾਬੀ ਪੋਸਟ | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉੱਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# 'ਸਰੋਕਾਰ ਤੇ ਸ਼ਖ਼ਸੀਅਤਾਂ' – ਡਾ. ਝੰਡ ਦਾ ਅਹਿਮ ਦਸਤਾਵੇਜ਼



ਡਾ. ਸਤਿੰਦਰ ਕਾਹਲੋਂ
ਫ਼ੋਨ : +91 98721-12008

ਡਾ. ਸੁਖਦੇਵ ਸਿੰਘ ਝੰਡ ਦਾ ਪਿਛੋਕੜ ਵਿਗਿਆਨ ਦਾ ਹੈ ਅਤੇ ਕਾਰਜ-ਖ਼ੇਤਰ ਨਵਾਬ ਜੱਸਾ ਸਿੰਘ ਆਹਲੂਵਾਲੀਆ ਸਰਕਾਰੀ ਕਾਲਜ ਕਪੂਰਥਲਾ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੀ ਭਾਈ ਗੁਰਦਾਸ ਲਾਇਬ੍ਰੇਰੀ ਵਿਖੇ ਲਾਇਬ੍ਰੇਰੀ ਵਿਗਿਆਨ ਰਿਹਾ ਹੈ। ਇਸ ਦੇ ਨਾਲ ਹੀ ਸਾਹਿਤ ਦੀ ਵਿਧਾ ਵਾਰਤਕ ਵਿਚ ਦਿਲਚਸਪੀ ਹੋਣ ਕਰਕੇ ਰੁੱਖਾਂ ਬਾਰੇ ਤਿੰਨ ਪੁਸਤਕਾਂ 2000, 2010 ਅਤੇ 2015 ਵਿਚ ਲਿਖੀਆਂ ਤੇ ਛਪਵਾਈਆਂ। ਇਸ ਦੇ ਨਾਲ ਹੀ ਕਵਿਤਾ ਵਿਚ ਰੁਚੀ ਪੈਦਾ ਹੋਈ ਤਾਂ 2015 ਵਿਚ ਕਾਵਿ-ਪੁਸਤਕ 'ਕਦੋਂ' ਵੀ ਆ ਗਈ। ਵਾਰਤਕ ਦੀ ਆਪਣੀ ਲੜੀ ਨੂੰ ਜਾਰੀ ਰੱਖਦਿਆਂ 2019 ਵਿਚ 304 ਪੰਨਿਆਂ 'ਚ ਸਵੈ-ਜੀਵਨੀ 'ਪੱਤੇ ਤੇ ਪਰਛਾਵੇਂ: ਚੌਹਾਨ ਤੋਂ ਬਰੈਂਪਟਨ' ਛਪਵਾ ਲਈ ਅਤੇ ਓਸੇ ਹੀ ਲੜੀ ਵਿਚ ਹੁਣ ਉਸ ਦੀ ਹਥਲੀ ਪੁਸਤਕ 'ਸਰੋਕ-ਾਰ ਤੇ ਸ਼ਖ਼ਸੀਅਤਾਂ' ਵਰਤਮਾਨ ਸਰੋਕਾਰਾਂ ਨਾਲ ਸੰਵਾਦ ਰਚਾਉਂਦੀ ਹੋਈ ਪੰਜਾਬੀ ਪਾਠਕਾਂ ਦੇ ਰੂ-ਬ-ਰੂ ਹੋਈ ਹੈ।

ਇਸ ਪੁਸਤਕ ਨੂੰ ਡਾ. ਝੰਡ ਨੇ ਦੋ ਹਿੱਸਿਆਂ ਵਿਚ ਵੰਡਿਆ ਹੈ। ਪਹਿਲੇ ਭਾਗ ਵਿਚ 16 ਲੇਖ ਵੱਖ-ਵੱਖ ਮਨੁੱਖੀ ਸਰੋਕਾਰਾਂ ਨੂੰ ਬਾਖ਼ੂਬੀ ਪੇਸ਼ ਕਰਦੇ ਹਨ ਅਤੇ ਦੂਸਰੇ ਭਾਗ ਵਿਚ 12 ਲੇਖ ਵੱਖ-ਵੱਖ ਖੇਤਰਾਂ ਦੀਆਂ ਅਹਿਮ ਸ਼ਖ਼ਸੀਅਤਾਂ ਬਾਰੇ ਹਨ। ਪੰਜਾਬੀ ਹੋਣ ਦੇ ਨਾਤੇ ਲੇਖਕ ਆਪਣੀ ਪੁਸਤਕ ਦੀ ਸ਼ੁਰੂਆਤ ਪੰਜਾਬ ਅਤੇ ਪੰਜਾਬੀਅਤ ਨਾਲ ਕਰਦਾ ਹੈ। ਉੱਤਮ ਪੁਰਖ਼ ਵਿਚ ਪੇਸ਼ ਕੀਤਾ ਗਿਆ ਪਾਤਰ "ਮੈਂ" (ਪੰਜਾਬ) ਆਪਣੀ ਹੋਂਦ ਅਜੋਕੇ ਸਮੇਂ ਤੱਕ ਦੀਆਂ ਆਪਣੇ ਪਿੰਡੇ 'ਤੇ ਹੰਢਾਈਆਂ ਤੱਤੀਆਂ-ਠੰਢੀਆਂ ਹਵਾਵਾਂ ਦਾ ਹਾਲ ਬਹੁਤ ਹੀ ਮਾਰਮਿਕ ਤੇ ਰੌਚਕ ਢੰਗ ਨਾਲ ਬਿਆਨ ਕਰਦਾ ਹੈ। ਹੜੱਪਾ ਤੇ ਮਹਿੰਜੋਦਾੜੋ ਦੀ ਪੁਰ-ਾਤਨ ਸੱਭਿਅਤਾ ਦੀ ਰੂਪ-ਰੇਖ਼ਾ, 325 ਬੀ.ਸੀ. ਵਿਚ ਸਿਕੰਦਰ ਦੇ ਹਮਲੇ ਪਿੱਛੋਂ ਪੰਦਰਵੀਂ ਸਦੀ ਵਿਚ ਬਾਬਰ ਅਤੇ ਫਿਰ ਅਬਦਾਲੀ, ਗ਼ਜ਼ਨਵੀ ਦੇ ਹਮਲੇ, ਸਿੱਖ ਮਿਸਲਾਂ ਦਾ ਉਭਾਰ ਤੇ ਵਿਸਥਾਰ, ਮਹਾਰਾਜਾ ਰਣਜੀਤ ਸਿੰਘ ਦਾ ਰਾਜ, ਈਸਟ ਇੰਡੀਆ ਕੰਪਨੀ ਦਾ ਭਾਰਤ 'ਤੇ ਕਬਜ਼ਾ, ਆਜ਼ਾਦੀ ਲਈ ਪੰਜਾਬੀ ਯੋਧਿਆਂ ਦੀਆਂ ਮਹਾਨ ਕੁਰਬਾਨੀਆਂ, 1947 ਦੀ 'ਵੰਡ' ਸਮੇਂ 'ਪੰਜ-ਆਬ' ਦੇ 'ਢਾਈ-ਢਾਈ ਆਬ' ਹੋ ਜਾਣ ਅਤੇ "ਪੰਜਾਬ ਦੇ ਜੰਮਿਆਂ ਨੂੰ ਨਿੱਤ ਮੁਹਿੰਮਾਂ" ਕਹਾਵਤ ਨੂੰ ਦਰਸਾਉਂਦਾ ਹੋਇਆ ਭਾਰਤ ਦਾ ਸੱਭ ਤੋਂ ਲੰਬਾ ਤੇ ਵੱਡਾ ਹੋ ਗੁਜ਼ਰਿਆ ਮਹਾਨ ਕਿਸਾਨ ਅੰਦੋਲਨ ਜਿਸ ਵਿਚ 700 ਤੋਂ ਵਧੇਰੇ ਕਿਸਾਨਾ ਨੇ ਆਪਣਾ ਬਲੀਦਾਨ ਦਿੱਤਾ, ਦਾ ਬਿਰਤਾਂਤ ਬਾਖ਼ੂਬੀ ਸਿਰਜਿਆ ਗਿਆ ਹੈ। ਵਿਅੰਗਾਤਮਿਕ ਸ਼ੈਲੀ ਵਿਚ 'ਬੜੀ ਦੇਰ ਕੀ ਮਿਹਰਬਾਂ ਆਤੇ-ਆਤੇ' ਲੇਖ ਵਿਚ ਇਸ ਕਿਸਾਨ ਅੰਦੋਲਨ ਦੀ 19 ਨਵੰਬਰ 2021 ਨੂੰ ਹੀ ਇਤਿਹਾਸਕ ਜਿੱਤ ਦਾ ਹਾਲ ਵਿਸਥਾਰ ਸਹਿਤ ਬਿਆਨ ਕੀਤਾ ਗਿਆ ਹੈ ਜਿਸ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਤਿੰਨੇ ਕਾਲ਼ੇ ਖੇਤੀ ਕਾਨੂੰਨ ਵਾਪਸ ਲੈਣੇ ਪਏ ਸਨ।

ਮਨੁੱਖੀ ਸਰੋਕਾਰਾਂ ਦੀ ਲੜੀ ਵਿਚ ਪਾਣੀ ਦੀ ਅਹਿਮੀਅਤ ਨੂੰ ਦਰਸਾਉਂਦੇ ਹੋਏ ਗੁਰੂ ਨਾਨਕ ਦੇਵ ਜੀ ਦੇ ਫ਼ੁਰਮਾਨ "ਪਹਿਲਾ ਪਾਣੀ ਜੀਓ ਹੈ ਜਿਤੁ ਹਰਿਆ ਸਭ ਕੋਇ" ਦੇ ਆਧਾਰਿਤ ਪੁਸਤਕ ਦੇ ਤੀਸਰੇ ਲੇਖ ਵਿਚ ਦੱਸਿਆ ਗਿਆ ਹੈ ਕਿ ਮਨੁੱਖੀ ਸਰੀਰ ਵਿਚ 70% ਪਾਣੀ ਹੈ ਅਤੇ ਇਹ ਮਨੁੱਖ ਦੇ ਖਾਧੇ ਹੋਏ ਭੋਜਨ ਨੂੰ ਪਚਾਉਣ, ਸਰੀਰ ਦਾ ਤਾਪਮਾਨ ਸਥਿਰ ਰੱਖਣ ਅਤੇ ਫੋਕਟ ਪਦਾਰਥਾਂ ਨੂੰ ਸਰੀਰ ਵਿੱਚੋਂ ਬਾਹਰ ਕੱਢਣ ਵਰਗੇ ਸਾਰੇ ਹੀ ਮਹੱਤਵਪੂਰਨ ਕਾਰਜ ਕਰਦਾ ਹੈ। ਪਾਣੀ ਬਨਸਪਤੀ ਲਈ ਵੀ ਓਨਾ ਹੀ ਅਹਿਮ ਹੈ। ਪੁਰ-ਾਤਨ ਸੱਭਿਅਤਾਵਾਂ ਸਾਰੀਆਂ ਦਰਿਆਵਾਂ ਦੇ ਕਿਨਾਰਿਆਂ 'ਤੇ ਹੀ ਪ੍ਰਫੁੱਲਤ ਹੋਈਆਂ। ਦੁਨੀਆਂ ਦੇ ਵੱਡੇ-ਵੱਡੇ ਸ਼ਹਿਰ ਸਮੁੰਦਰ ਜਾਂ ਦਰਿਆਵਾਂ ਦੇ ਕਿਨਾਰਿਆਂ 'ਤੇ ਹੀ ਵੱਸੇ ਹੋਏ ਹਨ। ਇਸ ਵਿਚ ਕੋਈ ਦੋ ਰਾਵਾਂ ਨਹੀਂ ਹਨ ਕਿ ਪਾਣੀ ਬਹੁਤ ਹੀ ਅਹਿਮ ਹੈ ਪਰ ਮਨੁੱਖ ਇਸ ਦੀ ਬੇਲੋੜੀ ਵਰਤੋਂ ਕਰ ਰਿਹਾ ਹੈ ਅਤੇ ਦਿਨੋ-ਦਿਨ ਇਸ ਨੂੰ ਗੰਧਲਾ ਤੇ ਜ਼ਹਿਰੀਲਾ ਵੀ ਕਰ ਰਿਹਾ ਹੈ।

ਵਾਤਾਵਰਣ ਅਸੰਤੁਲਨ ਦੀ ਗੱਲ ਕਰਦਿਆਂ ਲੇਖਕ ਵੱਲੋਂ ਲੇਖ 'ਲਗਾਤਾਰ ਵਿਗੜ ਰਿਹਾ ਏ ਵਾਤਾਵਰਣ' ਵਿਚ 'ਗਲੋਬਲ ਵਾਰਮਿੰਗ' ਨੂੰ ਮਨੁੱਖ ਲਈ 'ਖ਼ਤਰੇ ਦੀ ਘੰਟੀ' ਦੱਸਿਆ ਹੈ। ਜੰਗਲ ਦੀ ਅੱਗ ਜੋ ਬਨਸਪਤੀ ਅਤੇ ਜੀਵ-ਜੰਤੂਆਂ ਦੀਆਂ ਪ੍ਰਜਾਤੀਆਂ ਨੂੰ ਤਬਾਹ ਕਰ ਰਹੀ ਹੈ, ਵਾਤਾਵਰਣ ਵਿਚ ਵੱਧ ਰਹੇ ਤਾਪਮਾਨ ਦਾ ਮੁੱਖ ਕਾਰਨ ਹੈ। ਇਸ ਦੇ ਨਾਲ ਹੀ ਬੱਸਾਂ, ਟਰੱਕਾਂ, ਗੱਡੀਆਂ ਤੇ ਕਾਰਖ਼ਾਨਿਆਂ ਵਿੱਚੋਂ ਨਿਕਲਣ ਵਾਲਾ ਧੂੰਆਂ ਅਤੇ ਸੰਸਾਰ ਪੱਧਰ 'ਤੇ ਲਗਾਤਾਰ ਵੱਧ ਰਹੀ ਆਬਾਦੀ ਵੀ ਇਸ ਦੇ ਲਈ ਜ਼ਿੰਮੇਵਾਰ ਹਨ। ਵੱਧਦੀ ਹੋਈ ਵਸੋਂ ਲਈ ਹੋਰ ਵਧੇਰੇ ਸਾਧਨਾਂ ਦੀ ਲੋੜ ਹੈ ਜਿਨ੍ਹਾਂ ਨੂੰ ਪੈਦਾ ਕਰਨ ਲਈ ਵਧੇਰੇ ਊਰਜਾ ਦੀ ਲੋੜ ਪੈਂਦੀ ਹੈ। ਇਸ ਊਰਜਾ ਦੀ ਉਤਪਤੀ ਲਈ ਥਰਮਲ ਪਲਾਂਟਾਂ ਅਤੇ ਹੋਰ ਕਈ ਕਿਸਮ ਦੀ ਮਸ਼ੀਨਰੀ ਦੀ ਜ਼ਰੂਰਤ ਪੈਂਦੀ ਹੈ ਜੋ ਵਾਤਾਵਰਣ ਦੇ ਤਾਪਮਾਨ ਵਿਚ ਵਾਧਾ ਕਰਦੀ ਹੈ। ਹਵਾ ਅਤੇ ਪਾਣੀ ਦੇ ਪ੍ਰਦੂਸ਼ਨ ਬਾਰੇ ਇਨ੍ਹਾਂ ਲੇਖਾਂ ਨਾਲ ਲੇਖਕ ਨੇ ਆਪਣੇ ਵਾਤਾਵਰਣ-ਪ੍ਰੇਮੀ ਹੋਣ ਦਾ ਸਬੂਤ ਪੇਸ਼ ਕੀਤਾ ਹੈ। ਪੁਸਤਕ ਦੇ ਇਸ ਭਾਗ ਵਿਚ 'ਆਚਰਣ ਹੀ ਸੱਭ ਕੁਝ ਹੈ', 'ਆਦਤਾਂ ਬਦਲੀਆਂ ਵੀ ਜਾ ਸਕਦੀਆਂ ਨੇ' ਅਤੇ 'ਚਿੰਤਾ ਚਿਖ਼ਾ ਬਰਾਬਰ' ਮਾਨਵੀ ਸਰੋਕਾਰਾਂ ਨੂੰ ਕੇਂਦਰ ਵਿਚ ਰੱਖ ਕੇ ਲਿਖੇ ਗਏ ਖੋਜ ਭਰਪੂਰ ਲੇਖ ਹਨ। ਸਮਾਜਿਕ ਸਰੋਕਾਰਾਂ ਵਾਲੇ ਭਾਗ ਵਿਚ 'ਫ਼ੈਸਲੇ ਲੈਣਾ ਕਲਾ ਹੈ, ਪ੍ਰਕਿਰਿਆ ਜਾਂ ਜੁਗਤ ਤੇ ਜੁਗਾੜ', 'ਪਰਿਵਾਰਾਂ ਵਿਚ ਹੋ ਰਹੀ ਟੁੱਟ-ਭੱਜ', 'ਏਕਾਂਤਵਾਸ ਬਨਾਮ ਘਰੇਲੂ ਬਨਵਾਸ' ਅਤੇ 'ਜ਼ਿੰਦਗੀ ਦੇ ਰੰਗ' ਬਹੁਤ ਹੀ ਜਾਣਕਾਰੀ ਭਰਪੂਰ, ਅਤਿਅੰਤ ਰੌਚਕ ਅਤੇ ਦਿਲ ਵਿਚ ਉੱਤਰ ਜਾਣ ਵਾਲੇ ਲੇਖ ਹਨ। ਲੇਖਕ ਅਨੁਸਾਰ ਫ਼ੈਸਲੇ ਲੈਣ ਲਈ ਅਪਨਾਈ ਜਾਣ ਵਾਲੀ ਪ੍ਰਕਿਰਿਆ ਕਲਾ ਹੈ ਅਤੇ ਇਸ ਦੇ ਨਾਲ ਹੀ ਇਹ ਜੁਗਤ ਵੀ ਹੈ ਤੇ ਜੁਗਾੜ ਵੀ। ਪਰਿਵਾਰਾਂ ਵਿਚ ਹੋ ਰਹੀ ਟੁੱਟ-ਭੱਜ ਦਾ ਕਾਰਨ 'ਜੈਨਰੇਸ਼ਨ-ਗੈਪ' ਹੈ ਅਤੇ ਜ਼ਿੰਦਗੀ ਦੇ ਰੰਗਾਂ ਨੂੰ ਹਾਸਾ-ਠੱਠਾ, ਮਖ਼ੌਲ, ਨਿੰਦਾ, ਚੁਗਲੀ, ਈਰਖਾ, ਸਾੜਾ, ਆਦਿ ਵੱਖ-ਵੱਖ ਮਨੁੱਖੀ ਸ਼ੇਡ ਬਹੁਤ ਵਧੀਆ ਢੰਗ ਨਾਲ ਦਰਸਾਉਂਦੇ ਹਨ।




ਜਿੱਥੇ ਅਜੋਕੀ ਕਵਿਤਾ ਦੇ ਮੋਹਰੀ ਧਨੀ ਰਾਮ ਚਾਤ੍ਰਿਕ, ਪੰਜਾਬੀ ਨਾਵਲ ਦੇ ਪਿਤਾਮਾ ਨਾਨਕ ਸਿੰਘ, ਪੰਜਾਬੀਆਂ ਦਾ ਬਾਈ ਜਸਵੰਤ ਸਿੰਘ ਕੰਵਲ ਅਤੇ ਅੰਗਰੇਜ਼ੀ ਤੇ ਪੰਜਾਬੀ ਦਾ ਵਿਦਵਾਨ ਡਾ. ਰਾਜੇਸ਼ ਕੁਮਾਰ ਪੱਲਣ ਦੇ ਸਿਰਲੇਖਾਂ ਹੇਠ ਇਨ੍ਹਾਂ ਸਾਹਿਤਕਾਰਾਂ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ ਗਈ ਹੈ, ਉੱਥੇ ਇਸ ਦੇ ਨਾਲ ਹੀ ਤਿੰਨ ਗੁਰੂ ਸਾਹਿਬਾਨ ਗੁਰੂ ਨਾਨਕ ਦੇਵ ਜੀ, ਗੁਰੂ ਤੇਗ਼ ਬਹਾਦਰ ਜੀ ਤੇ ਗੁਰੂ ਗੋਬਿੰਦ ਸਿੰਘ, ਭਾਈ ਗੁਰਦਾਸ ਜੀ ਦੀਆਂ ਵਾਰਾਂ ਵਿਚ ਸਿੱਖੀ ਜੀਵਨ ਜਾਚ, ਸੱਚੇ ਗੁਰੂ ਦਾ ਸੰਕਲਪ, ਗੁਰਮੁਖ, ਬੇਮੁੱਖ ਤੇ ਨਿੰਦਕ ਅਤੇ ਸਿੱਖਾਂ ਦੇ ਗੌਰਵਮਈ ਦਿਹਾੜੇ ਵਿਸਾਖੀ ਬਾਰੇ ਸ਼ਾਮਲ ਕੀਤੇ ਗਏ ਆਰਟੀਕਲ ਲੇਖਕ ਦੀ ਸਿੱਖ ਧਰਮ ਅਤੇ ਸਿੱਖ ਇਤਿਹਾਸ ਬਾਰੇ ਜਾਣਕਾਰੀ ਨੂੰ ਭਲੀ-ਭਾਂਤ ਦਰਸਾਉਂਦੇ ਹਨ। ਸਮਾਜਿਕ ਸ਼ਖ਼ਸੀਅਤਾਂ ਵਿਚ ਮਹਾਨ ਸ਼ਹੀਦ ਭਗਤ ਸਿੰਘ, ਬਹੁ-ਪੱਖੀ ਸ਼ਖ਼ਸਿਅਤ ਡਾ. ਮਹਿੰਦਰ ਸਿੰਘ ਰੰਧਾਵਾ, ਅਮਰੀਕਾ ਦੇ ਵਿਦਵਾਨ ਡਾ. ਬਲਵੰਤ ਸਿੰਘ ਲੱਛੜ, ਕੈਨੇਡਾ ਦੇ ਪ੍ਰੋੜ੍ਹ ਲੇਖਕ ਪੂਰਨ ਸਿੰਘ ਪਾਂਧੀ ਅਤੇ ਅਮਰੀਕਾ ਦੀ ਮਹਾਨ ਸ਼ਖ਼ਸੀਅਤ ਡਾ. ਸਵੈਮਾਣ ਸਿੰਘ ਪੱਖੋਕੇ ਜਿਸ ਨੇ ਦਿੱਲੀ ਦੇ ਕਿਸਾਨ ਅੰਦੋਲਨ ਵਿਚ ਅਹਿਮ ਭੂਮਿਕਾ ਨਿਭਾਈ, ਦੇ ਜੀਵਨ, ਪ੍ਰਾਪਤੀਆਂ ਅਤੇ ਸਮਾਜ ਲਈ ਪਾਏ ਗਏ ਯੋਗਦਾਨ ਨੂੰ ਬਾਖ਼ੂਬੀ ਦਰਸ-ਾਇਆ ਗਿਆ ਹੈ।

ਪੁਸਤਕ ਵਿਚ ਵਿਅਕਤੀਤਵ ਬਾਰੇ ਕਈ ਪੱਖ ਪੇਸ਼ ਕੀਤੇ ਗਏ ਹਨ। ਕਿਤਾਬ ਦੀ ਪੂਰੀ ਸਮੱਗਰੀ ਤੋਂ ਇਹ ਸਾਬਤ ਹੁੰਦਾ ਹੈ ਕਿ ਡਾ. ਸੁਖਦੇਵ ਸਿੰਘ ਝੰਡ ਇਕ ਬਹੁ-ਪੱਖੀ ਤੇ ਬਹੁਮੰਤਵੀ ਗਿਆਨਵਾਨ ਵਿਅਕਤੀ ਹੈ। ਉਸ ਦੀ ਸੋਚ ਦਾ ਘੇਰਾ ਬਹੁਤ ਵਿਸ਼ਾਲ ਹੈ ਅਤੇ ਉਹ ਪ੍ਰਤਿਭਾ ਦੀ ਉੱਚੀ ਪ੍ਰਵਾਜ਼ ਹੈ। ਗਿਆਨ ਦੇ ਡੂੰਘੇ ਸਾਗਰ ਵਿੱਚ ਤਰ ਕੇ ਉਹ ਸਿੱਖਿਆ ਦੇ ਸੁੱਚੇ ਮੋਤੀ ਲੱਭਣ ਵਾਲਾ ਵਿਅੱਕਤੀ ਹੈ। ਉਹ ਬ੍ਰਹਿਮੰਡੀ ਚੇਤਨਾ ਦੇ ਚਾਨਣ ਦਾ ਚਿਰਾਗ ਹੈ ਅਤੇ। ਉਸ ਦੀ ਬੋਲੀ, ਸ਼ੈਲੀ ਤੇ ਸ਼ਬਦਾਵਲੀ ਦਾ ਕੋਈ ਜੁਆਬ ਨਹੀਂ ਹੈ। ਉਹ ਤੀਬਰ ਲਗਨ ਵਾਲਾ, ਸਿਰੜੀ, ਹਿੰਮਤੀ ਅਤੇ ਉੱਚੀ ਤੇ ਸੁੱਚੀ ਸੋਚ ਵਾਲੀ ਸ਼ਖ਼ਸੀਅਤ ਹੈ। ਮੇਰੀ ਜਾਚੇ ਉਸ ਦੀ ਇਸ ਪੁਸਤਕ ਨੂੰ ਜੇਕਰ 'ਗਾਗਰ ਵਿਚ ਸਾਗਰ' ਵੀ ਕਹਿ ਲਈਏ ਤਾਂ ਇਹ ਅਤਿਕਥਨੀ ਨਹੀਂ ਹੋਵੇਗੀ। ਇਸ ਵਿਚ ਹਰੇਕ ਤੱਥ ਨੂੰ ਤਰਕ ਦੇ ਅਧਾਰ 'ਤੇ ਪੇਸ਼ ਕੀਤਾ ਗਿਆ ਹੈ ਅਤੇ ਆਉਣ ਵਾਲੀ ਪੀੜ੍ਹੀ ਲਈ ਇਹ ਸਿੱਖਿਆਦਾਇਕ ਸਰੋਤ ਹੈ। ਇਸ ਵਿਚਲੀ ਜਾਣਕਾਰੀ ਸਮਾਜਿਕ, ਧਾਰਮਿਕ ਅਤੇ ਇਤਿਹਾ-ਸਕ ਪੱਖੋਂ ਅਹਿਮ ਹੈ। ਇਹ ਪੁਸਤਕ ਨਿਸਚੇ ਹੀ ਪਾਠਕਾਂ ਦੇ ਸੁਹਜ, ਸੁਆਦ ਅਤੇ ਗਿਆਨ ਵਿਚ ਵਾਧਾ ਕਰੇਗੀ ਅਤੇ ਇਸ ਦੇ ਨਾਲ ਮਾਂ-ਬੋਲੀ ਦਾ ਵਿਹੜਾ ਹੋਰ ਵੀ ਵਿਸ਼ਾਲ ਹੋਵੇਗਾ। ਸਿਰ-ਜਣਾਤਮਿਕ ਕਾਰਜ ਲਈ ਇਸ ਕਿਤਾਬ ਦੇ ਬਾਰੇ ਬਹੁਤ ਕੁਝ ਕਿਹਾ ਜਾ ਸਕਦਾ ਹੈ। ਡਾ. ਸੁਖਦੇਵ ਸਿੰਘ ਝੰਡ ਦੇ ਇਸ ਉੱਦਮ ਨੂੰ ਮੈਂ ਨਮਨ ਕਰਦੀ ਹਾਂ ਅਤੇ ਇਸ ਦੇ ਨਾਲ ਹੀ ਡਾ. ਝੰਡ ਨੂੰ ਇਸ ਉਪਰਾਲੇ ਲਈ ਹਾਰਦਿਕ ਮੁਬਾਰਕਬਾਦ ਦਿੰਦੀ ਹਾਂ।

Dr. Randhawa Dentistry



Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044






Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂੰਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

URGENTLY NEED NEW LISTINGS IN BRAMPTON/CALEDON
visit: www.teamjagaujla.com



ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

SHELBURNE (Simon St /Hwy 89)

ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)

ਐਂਡ ਯੂਨਿਟ ਕਾਨ੍ਰਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)

ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

BRAMPTON (Wanless/Mclaughlin)

ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799* upto 100% Deductible Paid*

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED



25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

LOCAL & LONG DISTANCE MOVING

SAFE, RELIABLE AND EFFICIENT SERVICE AT THE BEST RATES

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017